
TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ,26 ਮਾਰਚ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 276 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਭਾਰਤ 28 ਅਪਰੈਲ ਨੂੰ ਹੋਣ ਵਾਲੀਆਂ ਆਮ ਚੋਣਾਂ ’ਚ ਦਖ਼ਲ ਦੇ ਸਕਦੈ: ਕੈਨੇਡਾ

ਓਟਵਾ, ਲੋਕ ਬਾਣੀ- ਕੈਨੇਡਾ ਦੀ ਖ਼ੁਫ਼ੀਆ ਏਜੰਸੀ ਨੇ ਸੋਮਵਾਰ ਨੂੰ ਕਿਹਾ ਚੀਨ ਅਤੇ ਭਾਰਤ 28 ਅਪਰੈਲ ਨੂੰ ਹੋਣ ਵਾਲੀਆਂ ਕੈਨੇਡਾ ਦੀਆਂ ਆਮ ਚੋਣਾਂ ਵਿੱਚ ਦਖਲ ਦੇਣ ਦੀ ਕੋਸ਼ਿਸ਼ ਕਰ ਸਕਦੇ ਹਨ, ਜਦੋਂ ਕਿ ਰੂਸ ਅਤੇ ਪਾਕਿਸਤਾਨ ਵੀ ਅਜਿਹਾ ਕਰਨ ਦੇ ਸਮਰੱਥ ਹਨ। ਕੈਨੇਡੀਅਨ ਸੁਰੱਖਿਆ ਖੁਫੀਆ ਸੇਵਾ ਨੇ ਇਹ ਟਿੱਪਣੀਆਂ ਅਜਿਹੇ ਸਮੇਂ ਕੀਤੀਆਂ ਹਨ ਜਦੋਂ ਓਟਵਾ ਦੇ ਭਾਰਤ ਅਤੇ ਚੀਨ ਦੋਵਾਂ ਨਾਲ ਸਬੰਧ ਠੀਕ ਹਨ।



ਹਾਲਾਂਕਿ ਪੇਈਚਿੰਗ ਅਤੇ ਨਵੀਂ ਦਿੱਲੀ ਨੇ ਦਖਲਅੰਦਾਜ਼ੀ ਦੇ ਪਿਛਲੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ।

## ਤਿੰਨ ਜੱਜਾਂ ਦੀ ਕਮੇਟੀ ਵੱਲੋਂ ਜਾਂਚ ਸ਼ੁਰੂ, ਜਸਟਿਸ ਯਸ਼ਵੰਤ ਵਰਮਾ ਦੀ ਰਿਹਾਇਸ਼ ਦਾ ਦੌਰਾ

ਨਵੀਂ ਦਿੱਲੀ, ਲੋਕ ਬਾਣੀ-ਭਾਰਤ ਦੇ ਚੀਫ਼ ਜਸਟਿਸ ਸੰਜੀਵ ਖੰਨਾ ਵੱਲੋਂ ਬਣਾਈ ਤਿੰਨ ਮੈਂਬਰੀ ਅੰਦਰੂਨੀ ਕਮੇਟੀ ਨੇ ਦਿੱਲੀ ਹਾਈ ਕੋਰਟ ਦੇ ਮੌਜੂਦਾ ਜੱਜ ਜਸਟਿਸ ਯਸ਼ਵੰਤ ਵਰਮਾ ਦੀ ਰਿਹਾਇਸ਼ ਤੋਂ ਮਿਲੀ ਨਕਦੀ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ, ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਜੀਐੱਸ ਸੰਧਾਵਾਲੀਆ ਤੇ ਕਰਨਾਟਕ ਹਾਈ ਕੋਰਟ ਦੇ ਜਸਟਿਸ ਅਨੂ ਸ਼ਿਵਰਮਨ ਦੀ ਸ਼ਮੂਲੀਅਤ ਵਾਲੀ ਕਮੇਟੀ ਨੇ



ਅੱਜ ਦੁਪਹਿਰ ਵੇਲੇ ਜਸਟਿਸ ਵਰਮਾ ਦੀ 30 ਤੁਗਲਕ ਕ੍ਰੀਸੈਂਟ ਸਥਿਤ ਸਰਕਾਰੀ ਰਿਹਾਇਸ਼ ਦਾ ਦੌਰਾ ਕੀਤਾ।

## ਸੁਖਬੀਰ ਬਾਦਲ ’ਤੇ ਗੋਲੀ ਚਲਾਉਣ ਵਾਲੇ ਨਾਰਾਇਣ ਸਿੰਘ ਚੌੜਾ ਦੀ ਜ਼ਮਾਨਤ ਮਨਜ਼ੂਰ

ਅੰਮ੍ਰਿਤਸਰ, ਲੋਕ ਬਾਣੀ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਦੀ ਅਦਾਲਤ ਨੇ ਸਾਬਕਾ ਉਪ ਮੁੱਖ ਮੰਤਰੀ ਅਤੇ ਸੀਨੀਅਰ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ’ਤੇ 4 ਦਸੰਬਰ ਨੂੰ ਦਰਬਾਰ ਸਾਹਿਬ ਦੇ ਪ੍ਰਵੇਸ਼ ਦੁਆਰ ’ਤੇ ਗੋਲੀ ਚਲਾ ਕੇ ਕਾਤਲਾਨਾ ਹਮਲਾ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਨਾਰਾਇਣ ਸਿੰਘ ਚੌੜਾ ਨੂੰ ਜ਼ਮਾਨਤ ਦੇ ਦਿੱਤੀ ਹੈ। ਚੌੜਾ ਨੂੰ ਗ੍ਰਿਫ਼ਤਾਰੀ ਤੋਂ ਕਰੀਬ ਸਾਢੇ ਤਿੰਨ ਮਹੀਨਿਆਂ ਤੋਂ ਵੱਧ ਸਮੇਂ ਬਾਅਦ



ਜ਼ਮਾਨਤ ਮਿਲੀ ਹੈ। ਚੌੜਾ ਨੇ ਸੁਖਬੀਰ ਸਿੰਘ ਬਾਦਲ ’ਤੇ 4 ਦਸੰਬਰ ਨੂੰ ਦਰਬਾਰ ਸਾਹਿਬ ਸਮੂਹ ਵਿਚ ਉਸ ਵੇਲੇ ਗੋਲੀ ਚਲਾਈ ਸੀ,

## ਭਾਰਤ ਤੇ ਚੀਨ ਵੱਲੋਂ ਪੇਈਚਿੰਗ ’ਚ ਕੂਟਨੀਤਕ ਗੱਲਬਾਤ

ਨਵੀਂ ਦਿੱਲੀ, ਲੋਕ ਬਾਣੀ-ਭਾਰਤ ਤੇ ਚੀਨ ਨੇ ਮੰਗਲਵਾਰ ਨੂੰ ਇਸ ਸਾਲ ਦੇ ਅਖੀਰ ਵਿਚ ਕੌਮੀ ਰਾਜਧਾਨੀ ਵਿਚ ਸਰਹੱਦੀ ਮਸਲਿਆਂ ਨੂੰ ਲੈ ਕੇ ਹੋਣ ਵਾਲੇ ਵਿਸ਼ੇਸ਼ ਪ੍ਰਤੀਨਿਧਾਂ ਦੀ ਅਗਲੀ ਬੈਠਕ ਦੀਆਂ ਤਿਆਰੀਆਂ ਲਈ ਮਿਲ ਕੇ ਕੰਮ ਕਰਨ ਦੀ ਸਹਿਮਤੀ ਦਿੱਤੀ ਹੈ। ਭਾਰਤ-ਚੀਨ ਸਰਹੱਦੀ ਮਾਮਲਿਆਂ ਬਾਰੇ ਸਲਾਹ-ਮਸ਼ਵਰੇ ਅਤੇ ਤਾਲਮੇਲ ਲਈ ਬਣੇ ਕੰਮਕਾਜੀ ਚੌਖਟੇ (⇨$33) ਤਹਿਤ



ਪੇਈਚਿੰਗ ਵਿੱਚ ਹੋਈ ਗੱਲਬਾਤ ਦੇ ਨਵੇਂ ਸੰਸਕਰਣ ਦੌਰਾਨ ਇਹ ਫੈਸਲਾ ਲਿਆ ਗਿਆ।

## ਸ਼ਿੰਦੇ ‘ਤੇ ਟਿੱਪਣੀ ਲਈ ਮੁਆਫ਼ੀ ਨਹੀਂ ਮੰਗਾਂਗਾ: ਕੁਨਾਲ ਕਾਮਰਾ

ਨਵੀਂ ਦਿੱਲੀ ਲੋਕ ਬਾਣੀ -ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਬਾਰੇ ਟਿੱਪਣੀ ਲਈ ਆਪਣੇ ਖ਼ਿਲਾਫ਼ ਕੇਸ ਦਰਜ ਹੋਣ ਦੀ ਪ੍ਰਵਾਹ ਨਾ ਕਰਦਿਆਂ ਕਾਮੇਡੀ ਕਲਾਕਾਰ ਕੁਨਾਲ ਕਾਮਰਾ ਨੇ ਬੀਤੀ ਦੇਰ ਰਾਤ ਇੱਕ ਬਿਆਨ ਵਿੱਚ ਕਿਹਾ ਕਿ ਉਹ ਇਸ ਲਈ ਸ਼ਿੰਦੇ ਤੋਂ ਮੁਆਫ਼ੀ ਨਹੀਂ ਮੰਗਣਗੇ। ਉਨ੍ਹਾਂ ਕਿਹਾ, “ਮੈਂ ਨਾ ਤਾਂ ਮੁਆਫ਼ੀ ਮੰਗਾਂਗਾ ਅਤੇ ਨਾ ਹੀ



ਮੰਜੇ ਹੇਠਾਂ ਛੁਪਾਂਗਾ ਤਾਂ ਕਿ ਮਾਮਲਾ ਠੰਢਾ ਪੈ ਜਾਵੇ।”

## ਪੰਜਾਬ ਪੁਲਿਸ ਵਲੋਂ ਪਾਸਟਰ ਬਜਿੰਦਰ ਸਿੰਘ ਵਿਰੁੱਧ ਮਾਮਲਾ ਦਰਜ

ਮੋਹਾਲੀ, (ਲੋਕ ਬਾਣੀ)-ਪੰਜਾਬ ਪੁਲਿਸ ਨੇ ਮੋਹਾਲੀ ਵਿਚ ਪਾਸਟਰ ਬਜਿੰਦਰ ਸਿੰਘ ਵਿਰੁੱਧ ਐਫ.ਆਈ. ਆਰ. ਦਰਜ ਕੀਤੀ ਹੈ। ਇਹ ਐਫ. ਆਈ.ਆਰ. ਬੀ.ਐਨ.ਐਸ. ਦੀ ਧਾਰਾ 74, 126 (2), 115 (2), 351 (2) ਤਹਿਤ ਦਰਜ ਕੀਤੀ ਗਈ ਹੈ। ਇਹ ਇਕ ਮਹਿਲਾ ਵਲੋਂ ਪਾਸਟਰ ਬਜਿੰਦਰ ਸਿੰਘ ਵਿਰੁੱਧ




ਸ਼ਿਕਾਇਤ ਦਰਜ ਕਰਵਾਉਣ ਤੋਂ ਬਾਅਦ ਹੋਈ ਹੈ, ਜਿਸ ਵਿਚ ਉਸ ਤੇ ਹਮਲਾ ਕਰਨ ਦਾ ਦੋਸ਼ ਲਗਾਇਆ ਗਿਆ ਸੀ।

## ਰਾਵੀ ਕੋਲ ਸ਼ੱਕੀ ਵਿਅਕਤੀ ਨਜ਼ਰ ਆਉਣ ’ਤੇ ਪੁਲੀਸ ਨੇ ਚਲਾਈ ਤਲਾਸ਼ੀ ਮੁਹਿੰਮ

ਪਠਾਨਕੋਟ, ਲੋਕ ਬਾਣੀ-ਪੰਜਾਬ ਦੇ ਜ਼ਿਲ੍ਹਾ ਪਠਾਨਕੋਟ ਅਤੇ ਜੰਮੂ-ਕਸ਼ਮੀਰ ਦੇ ਜ਼ਿਲ੍ਹਾ ਕਠੂਆ ਨਾਲ ਲੱਗਦੇ ਰਾਵੀ ਦਰਿਆ ਕੋਲ ਬਣ ਰਹੇ ਕਟੜਾ ਐਕਸਪ੍ਰੈਸ ਹਾਈਵੇਅ ’ਤੇ ਮੰਗਲਵਾਰ ਤੜਕੇ 5-6 ਸ਼ੱਕੀ ਵਿਅਕਤੀ ਦੇਖੇ ਜਾਣ ਤੋਂ ਬਾਅਦ ਪਠਾਨਕੋਟ ਪੁਲੀਸ ਹਰਕਤ ਵਿੱਚ ਆ ਗਈ ਅਤੇ ਜ਼ਿਲ੍ਹਾ ਪਠਾਨਕੋਟ ਦੇ ਪੁਲੀਸ ਮੁਖੀ ਨੇ ਤੁਰੰਤ ਜਾ ਕੇ ਮੌਕੇ ਦਾ ਮੁਆਇਨਾ ਕੀਤਾ ਅਤੇ ਪੰਜਾਬ ਦੇ ਖੇਤਰ ਵਿੱਚ ਸੁਰੱਖਿਆ ਘੇਰਾ ਮਜ਼ਬੂਤ ਕਰ ਦਿੱਤਾ। ਇਸ ਦੇ ਇਲਾਵਾ ਉਥੇ ਸਾਰੇ ਸਰਹੱਦੀ ਖੇਤਰ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ, ਪਰ ਸ਼ਾਮ ਤੱਕ ਸੁਰੱਖਿਆ



ਦਸਤਿਆਂ ਨੂੰ ਕੋਈ ਵੀ ਸ਼ੱਕੀ ਵਸਤੂ ਨਹੀਂ ਮਿਲੀ ਅਤੇ ਨਾ ਹੀ ਕੋਈ ਸ਼ੱਕੀਆਂ ਬਾਰੇ ਸੁਰਾਗ ਮਿਲਿਆ। ਦੱਸਣਯੋਗ ਹੈ ਕਿ ਐਕਸਪ੍ਰੈਸ ਹਾਈਵੇਅ ਦੇ ਸਕਿਉਰਿਟੀ ਗਾਰਡ ਨੇ ਤੜਕੇ 4 ਵਜੇ ਦੇ ਕਰੀਬ ਜ਼ਿਲ੍ਹਾ ਕਠੂਆ ਦੇ ਖੇਤਰ ਕੀੜੀ ਗੰਡਿਆਲ ਵਿਚ ਸ਼ੱਕੀ ਵਿਅਕਤੀ ਦੇਖੇ ਅਤੇ ਉਸ ਦਾ ਉਰਲਾ ਪਾਸਾ ਪੰਜਾਬ ਨਾਲ ਲੱਗਦਾ ਹੈ।

## 20,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਆਡਿਟ ਇੰਸਪੈਕਟਰ ਗ੍ਰਿਫ਼ਤਾਰ

ਸੰਗਰੂਰ, ਲੋਕ ਬਾਣੀ- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਪਟਿਆਲਾ ਦੇ ਰੀਜ਼ਨਲ ਡਿਪਟੀ ਡਾਇਰੈਕਟਰ, ਲੋਕਲ ਫੰਡ ਆਡਿਟ ਦੇ ਦਫ਼ਤਰ ਵਿਖੇ ਤਾਇਨਾਤ ਆਡਿਟ ਇੰਸਪੈਕਟਰ ਦਵਿੰਦਰ ਬਾਂਸਲ ਨੂੰ 20,000 ਰੁਪਏ ਰਿਸ਼ਵਤ ਮੰਗਣ ਦੇ ਕਥਿਤ ਦੋਸ਼ ‘ਚ ਗ੍ਰਿਫ਼ਤਾਰ ਕੀਤਾ ਹੈ। ਇਸ ਕੇਸ ਵਿਚ ਸੰਗਰੂਰ ਜ਼ਿਲ੍ਹੇ ਦੇ ਮੂਣਕ ਬਲਾਕ ਦੇ ਬੀ.ਡੀ.ਪੀ.ਓ. ਦਫ਼ਤਰ ਵਿਖੇ ਤਾਇਨਾਤ ਮੁਲਜ਼ਮ ਪ੍ਰਿਥਵੀ ਸਿੰਘ (ਪੰਚਾਇਤ ਸਕੱਤਰ) ਨੂੰ ਪਹਿਲਾਂ ਹੀ



ਉਕਤ ਆਡਿਟ ਇੰਸਪੈਕਟਰ ਦੇ ਨਾਮ ਤੇ 20,000 ਰੁਪਏ ਦੀ ਕਥਿਤ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111

# MLA ਨਾਲ BDPO ਨੂੰ ਬਦਤਮੀਜੀ ਨਾਲ ਗੱਲ ਕਰਨੀ ਪਈ ਮਹਿੰਗੀ -ਵਿਧਾਨ ਸਭਾ ਵੱਲੋਂ ਸੇਵਾਵਾਂ ਮੁਅੱਤਲ ਕਰਨ ਦੀ ਸਿਫਾਰਸ



ਚੰਡੀਗੜ੍ਹ-(ਲੋਕ ਬਾਣੀ) ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਨੇ ਸਖ਼ਤ ਅਨੁਸ਼ਾਸਨੀ ਕਾਰਵਾਈ ਕਰਦੇ ਹੋਏ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਸੀਨੀਅਰ ਸਹਾਇਕ (ਲੇਖਾ) ਬਬਲਜੀਤ ਕੌਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। ਇਹ ਕਾਰਵਾਈ ਉਨ੍ਹਾਂ ਦੇ ਫਰਜ਼ਾਂ ਵਿੱਚ ਦਿਖਾਈ ਗਈ ਲਾਪਰਵਾਹੀ ਅਤੇ ਦੁਰਵਿਵਹਾਰ ਦੇ ਜਵਾਬ ਵਿੱਚ ਆਈ ਹੈ। ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵਲੋਂ ਬਬਲਜੀਤ ਕੌਰ ਪੇਂਡੂ ਵਿਕਾਸ ਅਤੇ ਪੰਚਾਇਤੀ ਵਿਭਾਗ, ਐਸ.ਏ.ਐਸ. ਨਗਰ (ਉਸ ਵੇਲੇ ਬੀ.ਡੀ.ਪੀ.ਓ., ਮਹਿਲ ਕਲਾਂ, ਜਿਲ੍ਹਾ ਬਰਨਾਲਾ) ਵਿਰੁੱਧ ਵਿਸ਼ੇਸ਼ ਅਧਿਕਾਰ ਦੀ ਉਲੰਘਣਾ ਦਾ ਮਾਮਲਾ ਦਿੰਦੇ ਹੋਏ ਦੋਸ਼ ਲਗਾਇਆ ਗਿਆ ਕਿ ਇਹ ਅਧਿਕਾਰਣ ਕਈ ਵਾਰ ਮੋਬਾਇਲ ਕਾਲ ਕਰਨ ਤੋਂ ਬਾਅਦ ਜਵਾਬ ਨਹੀਂ ਦਿੰਦੀ ਤੇ ਜੇਕਰ ਜਦੋਂ ਫੋਨ ਦਾ ਜਵਾਬ ਦਿੰਦੀ ਹੈ ਤਾਂ ਬੜੀ ਬਦਤਮੀਜ਼ੀ ਨਾਲ ਗੱਲ ਕਰਦੀ ਹੈ।

ਕਮੇਟੀ ਨੇ ਉਕਤ ਮਾਮਲੇ ਸਬੰਧੀ ਮੈਂਬਰ ਸਾਹਿਬ ਦਾ ਪੱਖ ਅਤੇ ਬਬਲਜੀਤ ਕੌਰ ਦੀ ਜ਼ੁਬਾਨੀ ਪੁੱਛ -ਪੜਤਾਲ ਕਰਨ ਤੋਂ ਬਾਅਦ ਸਿਫਾਰਸ਼ ਕੀਤੀ ਕਿ ਬਬਲਜੀਤ ਕੌਰ, ਸੀਨੀਅਰ ਵਿਸ਼ੇਸ਼ ਅਧਿਕਾਰ ਕਮੇਟੀ ਦੀ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਸਹਾਇਕ ਵਲੋਂ ਕੀਤੀ ਗਈ ਅਣਗਵਹਲੀ ਦੇ ਮੱਦੇ ਨਜ਼ਰ ਪੇਂਡੂ ਵਿਕਾਸ ਅਤੇ ਪੰਚਾਇਤੀ ਵਿਭਾਗ ਵਲੋਂ ਆਪਣੇ ਪੱਧਰ ਤੇ ਨਿਯਮ ਅਨੁਸਾਰ ਅਨੁਸਾਸ਼ਨਕ ਕਾਰਵਾਈ ਕਰਦੇ ਹੋਏ ਇਸ ਅਧਿਕਾਰਣ ਦੀਆਂ ਸੇਵਾਵਾ ਮੁਅੱਤਲ ਕੀਤੀਆਂ ਜਾਣ ਅਤੇ ਨਾਲ ਹੀ ਭਵਿੱਖ ਵਿੱਚ ਉਸ ਨੂੰ ਕਿਸੇ ਪਬਲਿਕ ਡੀਲਿੰਗ ਦੀ ਪੋਸਟ ਤੇ ਨਾ ਲਗਾਇਆ ਜਾਵੇ ਕਿਉਂਕਿ ਲੋਕ ਪ੍ਰਤੀਨਿਧੀਆਂ ਨਾਲ ਡੀਲ ਕਰਨ ਸਬੰਧੀ ਉਸ ਨੂੰ ਜਾਣਕਾਰੀ ਨਹੀਂ ਹੈ। ਕਮੇਟੀ ਨੇ ਇਸ ਮਾਮਲੇ ਸਬੰਧੀ ਆਪਣੀ ਰਿਪੋਰਟ ਪੰਜਾਬ ਵਿਧਾਨ ਸਭਾ ਸਪੀਕਰ ਨੂੰ ਪੇਸ਼ ਕੀਤੀ।

# ਫਗਵਾੜਾ : 1 ਲੱਖ 80 ਹਜ਼ਾਰ ਦੀ ਰਿਸ਼ਵਤ ਮੰਗਣ ਦੇ ਮਾਮਲੇ ਚ 2 ਅਧਿਕਾਰੀ ਗ੍ਰਿਫ਼ਤਾਰ




ਫਗਵਾੜਾ, (ਲੋਕ ਬਾਣੀ) -ਨਗਰ ਨਿਗਮ ਦੇ ਕੰਮਾਂ ਦਾ 'ਸਵੱਛ ਸਰਵੇਖਣ 2024' ਕਰਨ ਆਈ ਟੀਮ ਦੇ ਦੋ ਅਧਿਕਾਰੀਆਂ ਵਲੋਂ 1 ਲੱਖ 80 ਹਜ਼ਾਰ ਰੁਪਏ ਦੀ ਰਿਸ਼ਵਤ ਮੰਗਣ ਦੇ ਮਾਮਲੇ 'ਚ ਉਨ੍ਹਾਂ ਨੂੰ ਸਿਟੀ ਪੁਲਿਸ ਹਵਾਲੇ ਕਰ ਦਿੱਤਾ ਹੈ, ਜਿਸ ਸਬੰਧ 'ਚ ਪੁਲਿਸ ਨੇ ਆਪਣੀ ਪੜਤਾਲ ਸ਼ੁਰੂ ਕਰ ਦਿੱਤੀ ਹੈ। ਨਗਰ ਨਿਗਮ ਦੇ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ (ਆਈ.ਏ.ਐਸ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੁਆਲਿਟੀ ਕੌਂਸਲ ਆਫ਼ ਇੰਡੀਆ ਵਲੋਂ ਦੋ ਮੈਂਬਰੀ ਟੀਮ ਪਾਣੀ ਤੇ ਜੀ.ਐਸ.ਐਫ਼. ਦਾ ਸਰਵੇ ਕਰਨ ਲਈ ਆਈ ਸੀ, ਜਿਸ ਨੇ 22 ਮਾਰਚ ਤੋਂ ਆਪਣਾ ਸਰਵੇ ਸ਼ੁਰੂ ਕਰ ਦਿੱਤਾ ਤੇ ਸਰਵੇ ਉਪਰੰਤ ਨਿਗਮ ਅਧਿਕਾਰੀਆਂ ਪਾਸੋਂ ਇਸ ਸਰਵੇ 'ਚ ਚੰਗਾ ਰੈਂਕ ਲਗਵਾਉਣ ਲਈ 1 ਲੱਖ 80 ਹਜ਼ਾਰ ਰੁਪਏ ਦੀ ਮੰਗ ਕੀਤੀ ਸੀ, ਜਿਸ ਤੋਂ ਬਾਅਦ ਉਨ੍ਹਾਂ 1 ਲੱਖ 50 ਹਜ਼ਾਰ 'ਚ ਇਸ ਗੱਲ ਨੂੰ ਨਿਬੇੜਨ ਲਈ ਕਿਹਾ, ਜਿਸ ਤੋਂ ਬਾਅਦ ਉਨ੍ਹਾਂ ਕਿਹਾ ਕਿ ਇਸ 'ਚੋਂ ਅੱਧੀ ਰਾਸ਼ੀ ਤਾਂ ਸਾਡੇ ਉੱਚ ਅਧਿਕਾਰੀਆਂ ਨੂੰ ਜਾਣੀ ਹੈ ਪਰ ਨਿਗਮ ਅਧਿਕਾਰੀਆਂ ਨੇ ਅਸਮਰੱਥਤਾ ਪ੍ਰਗਟਾਉਂਦੇ ਹੋਏ ਇਸ ਦੀ ਵੀਡੀਓ ਰਿਕਾਰਡਿੰਗ ਕਰਕੇ ਨਿਗਮ ਕਮਿਸ਼ਨਰ ਨੂੰ ਪੇਸ਼ ਕੀਤੀ। ਉਨ੍ਹਾਂ ਇਸ 'ਤੇ ਕਾਰਵਾਈ ਕਰਨ ਲਈ ਐਸ.ਪੀ. ਫਗਵਾੜਾ ਨੂੰ ਲਿਖਤੀ ਸ਼ਿਕਾਇਤ ਭੇਜ ਦਿੱਤੀ ਤੇ ਦੋਵੇਂ ਅਧਿਕਾਰੀਆਂ ਨੂੰ ਪੁਲਿਸ ਨੇ ਕਾਬੂ ਕਰ ਲਿਆ। ਇਨ੍ਹਾਂ ਦੀ ਸ਼ਨਾਖ਼ਤ ਰਵੀ ਤੇ ਗੁਲਸ਼ਨ ਵਜੋਂ ਹੋਈ ਹੈ। ਡੀ.ਐਸ.ਪੀ. ਭਾਰਤ ਭੂਸ਼ਣ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਿਸ ਵਲੋਂ ਇਨ੍ਹਾਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਕੇਸ ਦਰਜ ਕਰਕੇ ਇਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

# ਮਲੇਰਕੋਟਲਾ ਦੀ ਧਰਤੀ ਤੇ ਹੋਈ ਭਰਤੀ ਸਬੰਧੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ, ਪਲੇਠੀ ਮੀਟਿੰਗ ਤੋਂ ਮਿਲੇ ਹੁੰਗਾਰੇ ਲਈ ਕੀਤਾ ਧੰਨਵਾਦ




ਮਲੇਰਕੋਟਲਾ (ਲੋਕ ਬਾਣੀ) ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਜ਼ਿਲ੍ਹਾ ਵਾਰ ਮੀਟਿੰਗ ਦੀ ਅਰੰਭਤਾ ਮੌਕੇ ਜ਼ਿਲਾ ਮਲੇਰਕੋਟਲਾ ਦੀ ਹੋਈ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕੀਤਾ। ਭਰਤੀ ਕਮੇਟੀ ਮੈਂਬਰ ਇਕਬਾਲ ਸਿੰਘ ਝੂੰਦਾ ਦੀ ਅਗਵਾਈ ਹੇਠ ਮਲੇਰਕੋਟਲਾ ਦੇ ਦੋ ਹਲਕਿਆਂ ਤੋਂ ਹੀ ਆਏ ਵਰਕਰਾਂ ਨੇ ਸਾਬਿਤ ਕੀਤਾ ਕਿ, ਪੂਰੇ ਪੰਜਾਬ ਅੰਦਰ ਭਰਤੀ ਲਈ ਹਰ ਵਰਗ ਵਿੱਚ ਜੋਸ਼ ਹੈ। ਵੱਡੀ ਗਿਣਤੀ ਵਿੱਚ ਆਪ ਮੁਹਾਰੇ ਪਹੁੰਚੇ ਅਕਾਲੀ ਸੋਚ ਦੇ ਹਿਤੈਸ਼ੀ ਵਰਕਰਾਂ ਦਾ ਠਾਂਠਾ ਮਾਰਦੇ ਇਕੱਠ ਨੇ ਭਰਤੀ ਕਮੇਟੀ ਦੇ ਮੈਬਰਾਂ ਦੀ ਹੌਸਲਾ ਅਫਜਾਈ ਕੀਤੀ। ਇਕਬਾਲ ਸਿੰਘ ਝੂੰਦਾ ਨੇ ਦੋਹਾਂ ਹਲਕਿਆਂ ਅਮਰਗੜ੍ਹ ਅਤੇ ਮਾਲੇਰਕੋਟਲਾ ਦੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਜਿਹੜੀ ਤਾਕਤ ਮੀਟਿੰਗ ਦਾ ਹਿੱਸਾ ਬਣ ਕੇ ਨਿਮਾਣੇ ਨੂੰ ਮਾਣ ਬਖਸ਼ਿਆ ਹੈ, ਉਸ ਨੇ ਮੋਹਰ ਲਗਾ ਦਿੱਤੀ ਹੈ ਕਿ ਹਰ ਵਰਕਰ ਦੀ ਪ੍ਰਬਲ ਭਾਵਨਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਹੋਵੇ, ਇਸ ਲਈ ਜਿਹੜੀ ਜ਼ਿਮੇਵਾਰੀ ਓਹਨਾਂ ਨੂੰ ਮਿਲੀ ਹੈ, ਉਸ ਨੂੰ ਓਹ ਤਨਦੇਹੀ ਨਾਲ ਨਿਭਾਉਣਗੇ ਅਤੇ ਕਿਸੇ ਵੀ ਕੀਮਤ ਤੇ ਵਰਕਰਾਂ ਦਾ ਭਰੋਸਾ ਨਹੀਂ ਟੁੱਟਣ ਦੇਣਗੇ।

ਇਸ ਮੀਟਿੰਗ ਦਾ ਖਾਸ ਤੌਰ ਤੇ ਹਿੱਸਾ ਬਣੇ ਪੰਥ ਦੀ ਬਹੁਤ ਹੀ ਸਤਿਕਾਰਿਤ ਸਖਸ਼ੀਅਤ ਭਾਈ ਰਣਜੀਤ ਸਿੰਘ ਕੁੱਕੀ ਗਿੱਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ, ਅੱਜ ਸਾਨੂੰ ਆਪਣੀ ਸਿਆਸੀ ਵਿਰਾਸਤ ਨੂੰ ਨਾ ਸਿਰਫ ਸਾਂਭ ਕੇ ਰੱਖਣ ਦੀ ਲੋੜ ਹੈ ਸਗੋ ਇਸ ਨੂੰ ਮਜ਼ਬੂਤ ਕਰਨ ਦਾ ਬੀੜਾ ਨੌਜਵਾਨ ਵਰਗ ਉਠਾਉਣਾ ਪਵੇਗਾ। ਇਸ ਲਈ ਓਹਨਾ ਸਮੁੱਚੇ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਵੀ ਕੀਤੀ ਕਿ ਅੱਜ ਸਹੀ ਸਮਾਂ ਵੀ ਤੁਹਾਡੇ ਕੋਲ ਹੈ ਅਤੇ ਸਹੀ ਅਗਵਾਈ ਕਰਨ ਵਾਲੇ ਵਾਲੇ ਤੁਹਾਡੇ ਕੋਲ ਹਨ, ਇਸ ਲਈ ਉਦਮ ਕਰਕੇ ਪੰਜਾਬ ਨੂੰ ਬਚਾਉਣ ਲਈ ਉਸ ਦੇ ਸੁਰੱਖਿਆ ਕਵਚ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਅੱਗੇ ਆਓ।

ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ, ਓਹਨਾ ਲਈ ਮਾਣ ਵਾਲੀ ਗੱਲ ਹੈ ਕਿ ਜਿਸ ਧਰਤੀ ਤੇ ਓਹਨਾ ਨੇ ਆਪਣਾ ਰਾਜਨੀਤਿਕ ਸ਼ਫ਼ਰ ਸ਼ੁਰੂ ਕੀਤਾ, ਅੱਜ ਉਥੇ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਇਕੱਠੀ ਹੋਈ ਵਰਕਰਾਂ ਦੀ ਫੁਲਵਾੜੀ ਨੇ ਦਿਲ ਨੂੰ ਤਸੱਲੀ ਦਿੱਤੀ ਹੈ ਕਿ ਵਰਕਰ ਪਾਰਟੀ ਦੇ ਨਾਲ ਮਜ਼ਬੂਤੀ ਨਾਲ ਖੜਾ ਹੈ। ਸਰਦਾਰ ਢੀਂਡਸਾ ਨੇ ਕਿਹਾ ਕਿ, ਓਹਨਾਂ ਦੀ ਕੋਸ਼ਿਸ਼ ਰਹੇਗੀ ਕਿ ਉਹ ਘਰ ਘਰ ਜਾਕੇ ਭਰਤੀ ਮੁਹਿੰਮ ਦਾ ਹਿੱਸਾ ਬਣਨ ਲਈ ਅਕਾਲੀ ਹਿਤੈਸ਼ੀ ਸੋਚ ਰੱਖਣ ਵਾਲੇ ਲੋਕਾਂ ਨੂੰ ਪ੍ਰੇਰਿਤ ਕਰਨਗੇ ਤਾਂ ਜੋ ਪੰਥ ਅਤੇ ਪੰਜਾਬ ਦੀ ਨੁਮਾਇਦਾ ਜਮਾਤ ਨੂੰ ਮਜ਼ਬੂਤ ਕੀਤਾ ਜਾ ਸਕੇ।

ਮਨਪ੍ਰੀਤ ਸਿੰਘ ਇਯਾਲੀ ਨੇ ਰੈਲੀ ਰੂਪੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਅੱਜ ਪੂਰੀ ਦੁਨੀਆਂ ਵਿੱਚ ਸਿੱਖ ਕੌਮ ਨੇ ਖ਼ੂਬ ਤਰੱਕੀ ਕੀਤੀ ਹੈ। ਵਿਦੇਸ਼ਾਂ ਵਿੱਚ ਰਾਜਨੀਤਿਕ ਖੇਤਰ, ਸਮਾਜਿਕ ਖੇਤਰ ਅਤੇ ਆਰਥਿਕ ਖੇਤਰ ਵਿੱਚ ਪਾਏ ਯੋਗਦਾਨ ਨੂੰ ਅਣਡਿੱਠ ਨਹੀਂ ਕੀਤਾ ਜਾ ਸਕਦਾ। ਇਯਾਲੀ ਨੇ ਕਿਹਾ ਕਿ ਸਾਡੇ ਲਈ ਬਦਕਿਸਮਤੀ ਦੀ ਗੱਲ ਹੈ ਕਿ ਪੰਜਾਬ, ਪੰਥ ਅਤੇ ਸੂਬਿਆਂ ਦੇ ਵੱਧ ਅਧਿਕਾਰਾਂ ਦੀ ਮਸੀਹਾ ਸਿਆਸੀ ਜਮਾਤ ਸ਼੍ਰੋਮਣੀ ਅਕਾਲੀ ਦਲ ਆਪਣੀ ਜਨਮ ਭੂਮੀ ਤੇ ਪਕੜ ਗੁਆ ਚੁੱਕੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਕਮਜੋਰ ਪਈ ਪਕੜ ਦੇ ਕਾਰਨ ਸੂਬੇ ਨੂੰ ਨਾ ਸਿਰਫ ਰਾਜਨੀਤਿਕ ਤੌਰ ਤੇ ਘਾਟਾ ਪਿਆ, ਸਗੋ ਆਰਥਿਕ ਅਤੇ ਸਮਾਜਿਕ ਖੇਤਰ ਵਿੱਚ ਇਸ ਤੋਂ ਮੁਨਕਰ ਨਹੀਂ ਹੋਇਆ ਜਾ ਸਕਦਾ। ਦੇਸ਼ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਜਿਸ ਨੇ ਸਮੇਂ ਸਮੇਂ ਤੇ ਦੇਸ਼ ਵਿੱਚ ਹੋਏ ਅੰਦੋਲਨਾਂ ਦੀ ਅਗਵਾਈ ਕੀਤੀ, ਸੂਬਿਆਂ ਦੇ ਅਧਿਕਾਰਾਂ ਦੀ ਲੜਾਈ ਲੜੀ, ਮਨੁੱਖੀ ਅਧਿਕਾਰ ਵਰਗੇ ਮਸਲਿਆਂ ਤੇ ਅਵਾਜ ਚੁੱਕੀ, ਦੇਸ਼ ਦੀ ਆਰਥਿਕ ਸਥਿਤੀ ਨੂੰ ਸੰਭਾਲਣ ਵਿੱਚ ਮੋਹਰੀ ਭੂਮਿਕਾ ਅਦਾ ਕੀਤੀ, ਅੱਜ ਸਾਡੀ ਸਿਆਸੀ ਜਮਾਤ ਆਪਣੀ ਹੋਂਦ ਦੀ ਲੜਾਈ ਲੜਨ ਲਈ ਮਜਬੂਰ ਹੈ।

ਜੱਥੇਦਾਰ ਸੰਤਾ ਸਿੰਘ ਉਮੈਦਪੁਰ ਨੇ ਅਕਾਲੀ ਹਿਤੈਸ਼ੀ ਵਰਕਰਾਂ ਦੇ ਨਾਮ ਸੁਨੇਹਾ ਦਿੰਦੇ ਕਿਹਾ ਕਿ, ਹਰ ਅਕਾਲੀ ਸੋਚ ਨੂੰ ਸਮਰਪਿਤ ਵਰਕਰ, ਆਗੂ ਅੱਗੇ ਆਕੇ ਸਮਰਪਿਤ ਭਾਵਨਾ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਵੇ। ਓਹਨਾ ਕਿਹਾ ਕਿ ਇਹ ਸਿਆਸੀ ਸੰਕਟ ਦਾ ਸਮਾਂ ਨਾ ਹੋਕੇ ਮਜ਼ਬੂਤੀ ਕਰਨ ਅਤੇ ਪੁਨਰ ਸੁਰਜੀਤ ਲਈ ਢੁੱਕਵਾਂ ਸਮਾਂ ਹੈ।

ਭਰਤੀ ਕਮੇਟੀ ਮੈਬਰ ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਆਪਣੇ ਸੰਖੇਪ ਸੰਬੋਧਨ ਵਿੱਚ ਕਿਹਾ ਕਿ,ਅੱਜ ਪੂਰਾ ਪੰਜਾਬ ਉਠ ਖੜਾ ਹੋਇਆ ਹੈ। ਅੱਜ ਵੀ ਕਿਸੇ ਨਾ ਕਿਸੇ ਰੂਪ ਵਿੱਚ ਪੰਜਾਬ ਤੇ ਧਾੜਵੀ ਹਮਲਾ ਬੋਲ ਰਹੇ ਹਨ। ਪੰਜਾਬ ਨੂੰ ਬਚਾਉਣ ਦੀ ਲੋੜ ਹੈ, ਇਸ ਕਰਕੇ ਪੰਜਾਬ ਦੀ ਆਪਣੀ ਸਿਆਸੀ ਜਮਾਤ ਦਾ ਮਜ਼ਬੂਤ ਹੋਣਾ ਬੇਹੱਦ ਲਾਜ਼ਮੀ ਹੈ, ਜਿਸ ਲਈ ਪੰਜ ਮੈਂਬਰੀ ਭਰਤੀ ਕਮੇਟੀ ਹਰ ਬੂਥ ਤੱਕ ਜਾ ਰਹੀ ਹੈ। ਮਿਲ ਰਹੇ ਸਮਰਥਨ ਤੇ ਬੋਲਦਿਆਂ ਵਡਾਲਾ ਨੇ ਕਿਹਾ ਕਿ, 18 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਦੀ ਨੀਂਹ ਰੱਖੀ ਗਈ ਸੀ, ਜਿਸ ਤੋਂ ਬਾਅਦ ਹਰ ਰੋਜ ਮਿਲਦੇ ਪਿਆਰ ਨੇ ਓਹਨਾ ਨੇ ਹੌਸਲੇ ਹੋਰ ਬੁਲੰਦ ਕੀਤੇ ਹਨ।

# 800 ਕਿਸਾਨ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ ਰਿਹਾਅ ਤੇ ਅੱਜ 450 ਹੋਰ ਕਿਸਾਨ ਕੀਤੇ ਰਿਹਾਅ - ਆਈਜੀਪੀ ਸੁਖਚੈਨ ਸਿੰਘ ਗਿੱਲ



ਚੰਡੀਗੜ, (ਲੋਕ ਬਾਣੀ) ਕਿਸਾਨਾਂ ਪ੍ਰਤੀ ਸੁਹਿਰਦ ਤੇ ਵਿਚਾਰਸ਼ੀਲ ਪਹੁੰਚ ਅਪਣਾਉਂਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 450 ਹੋਰ ਕਿਸਾਨਾਂ ਨੂੰ ਪੁਲਿਸ ਹਿਰਾਸਤ ਚੋਂ ਤੁਰੰਤ ਰਿਹਾਅ ਕਰਨ ਦਾ ਫੈਸਲਾ ਕੀਤਾ ਹੈ।

ਇਸ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਇੰਸਪੈਕਟਰ ਜਨਰਲ ਆਫ ਪੁਲਿਸ (ਆਈਜੀਪੀ) ਹੈੱਡਕੁਆਰਟਰ ਡਾ. ਸੁਖਚੈਨ ਸਿੰਘ ਗਿੱਲ ਨੇ ਸੋਮਵਾਰ ਨੂੰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਲਗਭਗ 800 ਕਿਸਾਨ ਪੁਲਿਸ ਹਿਰਾਸਤ ਚੋਂ ਰਿਹਾਅ ਕੀਤੇ ਜਾ ਚੁੱਕੇ ਹਨ।

ਉਨਾਂ ਜੋਰ ਦਿੰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਔਰਤਾਂ, ਦਿਵਿਆਂਗ ਵਿਅਕਤੀਆਂ, ਰੋਗ ਗ੍ਰਸਤ ਕਿਸਾਨਾਂ ਅਤੇ 60 ਸਾਲ ਤੋਂ ਵਡੇਰੀ ਉਮਰ ਦੇ ਕਿਸਾਨਾਂ ਦੀ ਤੁਰੰਤ ਰਿਹਾਈ ਦੇ ਨਿਰਦੇਸ਼ ਦਿੱਤੇ ਹਨ। ਉਨਾਂ ਕਿਹਾ, ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ, ਅਸੀਂ ਅਜਿਹੇ ਕਿਸਾਨਾਂ ਦੀ ਰਿਹਾਈ ਨੂੰ ਤਰਜੀਹ ਦੇ ਰਹੇ ਹਾਂ ਅਤੇ ਅੱਜ ਲਗਭਗ 450 ਕਿਸਾਨਾਂ ਨੂੰ ਰਿਹਾਅ ਕਿਤਾ ਜਾ ਰਿਹਾ ਹੈ।

ਕਿਸਾਨਾਂ ਦੀ ਉਨਾਂ ਦੇ ਸਮਾਨ ਸਬੰਧੀ ਸ਼ਿਕਾਇਤ ਦਾ ਨਿਪਟਾਰਾ ਕਰਦਿਆਂ ਆਈਜੀਪੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਸਬੰਧ ਵਿੱਚ ਸਖ਼ਤ ਨਿਰਦੇਸ਼ ਜਾਰੀ ਕੀਤੇ ਹਨ ਅਤੇ ਕਿਸੇ ਨੂੰ ਵੀ ਕਿਸਾਨਾਂ ਦੇ ਸਮਾਨ ਦੀ ਲੁੱਟ-ਕਸੁੱਟ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਡਾ. ਸੁਖਚੈਨ ਸਿੰਘ ਗਿੱਲ ਨੇ ਕਿਹਾ ,ਕਿਸਾਨਾਂ ਦੀ ਉਨਾਂ ਦੇ ਮਾਲ-ਅਸਬਾਬ ਪ੍ਰਤੀ ਫਿਕਰਮੰਦੀ ਨੂੰ ਦੂਰ ਕਰਨ ਲਈ, ਪਟਿਆਲਾ ਜਿਲਾ ਪੁਲਿਸ ਨੇ ਐਸ.ਪੀ-ਰੈਂਕ ਦੇ ਅਧਿਕਾਰੀ ਜਸਬੀਰ ਸਿੰਘ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਹੈ ਅਤੇ ਆਪਣੀ ਸੰਪਤੀ ਨਾਲ ਸਬੰਧਤ ਸਮੱਸਿਆਵਾਂ ਲਈ ਕਿਸਾਨ ਤੁਰੰਤ ਸਹਾਇਤਾ ਲਈ ਸਿੱਧੇ ਐਸਪੀ ਜਸਬੀਰ ਸਿੰਘ ਨਾਲ ਮੋਬਾਈਲ ਨੰਬਰ 90713-00002 'ਤੇ ਸੰਪਰਕ ਕਰ ਸਕਦੇ ਹਨ। ਡਾ. ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਪਟਿਆਲਾ ਪੁਲਿਸ ਵੱਲੋਂ ਇਸ ਸਬੰਧ ਵਿੱਚ ਤਿੰਨ ਐਫਆਈਆਰ ਵੀ ਦਰਜ ਕੀਤੀਆਂ ਗਈਆਂ ਹਨ।

# ਵਿਜੀਲੈਂਸ ਬਿਊਰੋ ਅਤੇ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਡੇਅਰੀਆਂ ਅਤੇ ਦੁਕਾਨਾਂ ਦੀ ਅਚਨਚੇਤ ਚੈਕਿੰਗ; ਜਾਂਚ ਲਈ ਨਮੂਨੇ ਕੀਤੇ ਇਕੱਤਰ

ਚੰਡੀਗੜ੍ਹ, (ਲੋਕ ਬਾਣੀ) - ਸੂਬੇ ਵਿੱਚ ਭੋਜਨ ਪਦਾਰਥਾਂ ਦੀ ਮਿਲਾਵਟਖੋਰੀ ਨੂੰ ਰੋਕਣ ਦੀ ਦਿਸ਼ਾ ਵਿੱਚ ਫੈਸਲਾਕੁੰਨ ਕਦਮ ਚੁੱਕਦਿਆਂ, ਪੰਜਾਬ ਵਿਜੀਲੈਂਸ ਬਿਊਰੋ ਅਤੇ ਖੁਰਾਕ ਸੁਰੱਖਿਆ ਵਿਭਾਗ ਦੀਆਂ ਟੀਮਾਂ ਨੇ ਅੱਜ ਫਤਿਹਗੜ੍ਹ ਸਾਹਿਬ ਅਤੇ ਰੂਪਨਗਰ ਵਿੱਚ ਕਈ ਡੇਅਰੀਆਂ ਅਤੇ ਫੂਡ ਜੁਆਇੰਟਸ ਦੀ ਅਚਨਚੇਤ ਚੈਕਿੰਗ ਕੀਤੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਾਂਝੀ ਕਾਰਵਾਈ ਦੌਰਾਨ ਲੈਬ ਜਾਂਚ ਲਈ ਦੁੱਧ, ਦਹੀਂ ਅਤੇ ਪਨੀਰ ਦੇ ਕਈ ਨਮੂਨੇ ਇਕੱਠੇ ਕੀਤੇ ਗਏ, ਜੋ ਕਿ ਮਿਲਾਵਟੀ ਭੋਜਨ ਉਤਪਾਦਾਂ ਵਿਰੁੱਧ ਸਰਕਾਰ ਦੀ ਠੋਸ ਕਾਰਵਾਈ ਨੂੰ ਦਰਸਾਉਂਦਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਖੁਰਾਕ ਸੁਰੱਖਿਆ ਅਧਿਕਾਰੀ ਸਤਵਿੰਦਰ ਸਿੰਘ ਅਤੇ ਵਿਜੀਲੈਂਸ ਬਿਊਰੋ ਇੰਸਪੈਕਟਰ ਸ਼ਕੁੰਤ ਚੌਧਰੀ ਦੀ ਅਗਵਾਈ ਹੇਠ ਕੀਤੀ ਗਈ ਇਸ ਛਾਪੇਮਾਰੀ ਦੌਰਾਨ ਫਤਿਹਗੜ੍ਹ ਸਾਹਿਬ ਦੇ ਜੋਤੀ ਸਰੂਪ ਚੌਕ ਨੇੜੇ ਸਥਿਤ ਇਮਾਨ ਡੇਅਰੀ ਦੀ ਚੈਕਿੰਗ ਕੀਤੀ ਗਈ ਜਿੱਥੇ ਦੁੱਧ, ਦਹੀਂ ਅਤੇ ਪਨੀਰ ਦੇ ਨਮੂਨੇ ਲਏ ਗਏ। ਇਸ ਤੋਂ ਇਲਾਵਾ, ਹੋਰ ਜਾਂਚ ਲਈ ਫਤਿਹਗੜ੍ਹ ਸਾਹਿਬ ਦੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਸਾਹਮਣੇ ਸਥਿਤ ਚੀਮਾ ਡੇਅਰੀ ਤੋਂ ਦੁੱਧ ਦੇ ਨਮੂਨੇ ਲਏ ਗਏ।

ਵਿਜੀਲੈਂਸ ਬਿਊਰੋ ਵੱਲੋਂ ਸਖ਼ਤ ਚੇਤਾਵਨੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਭੋਜਨ ਪਦਾਰਥਾਂ ਦੀ ਮਿਲਾਵਟਖੋਰੀ ਪ੍ਰਤੀ ਜ਼ੀਰੋ-ਸਹਿਣਸ਼ੀਲਤਾ ਨੀਤੀ ਅਪਣਾਈ ਗਈ ਹੈ। ਮਿਲਾਵਟਖੋਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਆਉਣ ਵਾਲੇ ਦਿਨਾਂ ਵਿੱਚ ਅਜਿਹੀਆਂ ਮੁਹਿੰਮਾਂ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਜੇਕਰ ਲੈਬ ਜਾਂਚ ਰਾਹੀਂ ਕਿਸੇ ਵੀ ਮਿਲਾਵਟਖੋਰੀ ਦੀ ਪੁਸ਼ਟੀ ਹੁੰਦੀ ਹੈ ਤਾਂ ਤੁਰੰਤ ਅਤੇ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਕੀਤੀ ਜਾਵੇਗੀ।



ਰੂਪਨਗਰ ਵਿੱਚ ਵੀ ਕੀਤੀ ਗਈ ਚੈਕਿੰਗ

ਇਸੇ ਤਰ੍ਹਾਂ, ਵਿਜੀਲੈਂਸ ਬਿਊਰੋ ਵੱਲੋਂ ਐਸ.ਐਸ.ਪੀ./ਵਿਜੀਲੈਂਸ ਬਿਊਰੋ ਰੂਪਨਗਰ ਰੇਂਜ ਅਰੁਣ ਸੈਣੀ, ਡੀ.ਐਸ.ਪੀ./ਵਿਜੀਲੈਂਸ ਬਿਊਰੋ ਯੂਨਿਟ ਰੂਪਨਗਰ ਗੁਰਚਰਨ ਸਿੰਘ ਅਤੇ ਸਿਹਤ ਤੇ ਖੁਰਾਕ ਸੁਰੱਖਿਆ ਵਿਭਾਗ, ਰੂਪਨਗਰ ਦੇ ਸਹਾਇਕ ਕਮਿਸ਼ਨਰ ਮਨਜਿੰਦਰ ਸਿੰਘ ਦੀ ਨਿਗਰਾਨੀ ਹੇਠ ਰੂਪਨਗਰ ਵਿਖੇ ਵੱਖ-ਵੱਖ ਥਾਵਾਂ ਤੇ ਅਚਨਚੇਤ ਚੈਕਿੰਗ ਕੀਤੀ ਗਈ।

ਬੁਲਾਰੇ ਨੇ ਦੱਸਿਆ ਕਿ ਖੁਰਾਕ ਸੁਰੱਖਿਆ ਅਧਿਕਾਰੀ ਸਿਮਰਨਜੀਤ ਸਿੰਘ (ਰੂਪਨਗਰ-1) ਅਤੇ ਦਿਨੇਸ਼ ਜੋਤ ਸਿੰਘ ਸਮੇਤ ਟੀਮਾਂ ਨੇ ਬਿਨਾਂ ਲਾਇਸੈਂਸ ਵਾਲੇ ਵਿਕਰੇਤਾਵਾਂ ਤੋਂ ਸੋਇਆ ਚਾਪ, ਸਪਰਿੰਗ ਰੋਲ, ਮੋਮੋਜ਼, ਬੇਕਰੀ ਆਈਟਮਾਂ, ਬਰੈੱਡ ਅਤੇ ਘਿਓ ਦੇ ਨਮੂਨੇ ਇਕੱਤਰ ਕੀਤੇ। ਬੁਲਾਰੇ ਨੇ ਅੱਗੇ ਦੱਸਿਆ ਕਿ ਗੁਣਵੱਤਾ ਅਤੇ ਸ਼ੁੱਧਤਾ ਦੀ ਜਾਂਚ ਕਰਨ ਲਈ ਇਹ ਨਮੂਨੇ ਲੈਬ ਵਿੱਚ ਭੇਜੇ ਗਏ ਹਨ। ਇਸ ਤੋਂ ਇਲਾਵਾ, ਲਾਇਸੈਂਸ ਤੋਂ ਬਿਨਾਂ ਕੰਮ ਕਰਨ ਵਾਲੇ ਜਾਂ ਮਾਪਦੰਡਾਂ ਮੁਤਾਬਕ ਸਾਫ਼-ਸਫਾਈ ਨਾ ਰੱਖਣ ਵਾਲੇ ਮਾਲਕਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਕਈ ਮਾਮਲਿਆਂ ਵਿੱਚ ਜੁਰਮਾਨੇ ਵੀ ਕੀਤੇ ਗਏ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਚੈਕਿੰਗ ਦੌਰਾਨ ਡੇਅਰੀ ਮਾਲਕਾਂ, ਮਿਠਾਈਆਂ ਦੀਆਂ ਦੁਕਾਨਾਂ ਅਤੇ ਫੂਡ ਜੁਆਇੰਟ ਮਾਲਕਾਂ ਨੂੰ ਮਿਲਾਵਟਖੋਰੀ ਦੇ ਨਤੀਜਿਆਂ ਬਾਰੇ ਰਸਮੀ ਤੌਰ ਤੇ ਚੇਤਾਵਨੀ ਦਿੱਤੀ ਗਈ ਅਤੇ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਵਿੱਢੀ ਮੁਹਿੰਮ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਸਿਹਤ ਅਤੇ ਖੁਰਾਕ ਸੁਰੱਖਿਆ ਪ੍ਰਸ਼ਾਸਨ ਦੇ ਸਹਿਯੋਗ ਨਾਲ, ਵਿਜੀਲੈਂਸ ਟੀਮਾਂ ਵੱਲੋਂ ਸੂਬਾ ਪੱਧਰੀ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਜਾ ਰਹੀਆਂ ਹਨ, ਖਾਸ ਤੌਰ ਤੇ ਉਨ੍ਹਾਂ ਖੇਤਰਾਂ ਵੱਲ ਜ਼ਿਆਦਾ ਧਿਆਨ ਦਿੱਤਾ ਜਾ ਰਿਹਾ ਹੈ ਜਿੱਥੇ ਮਿਲਾਵਟਖੋਰੀ ਵਧੇਰੇ ਪ੍ਰਚਲਿਤ ਮੰਨੀ ਜਾਂਦੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਭੋਜਨ ਪਦਾਰਥਾਂ ਵਿੱਚ ਮਿਲਾਵਟਖੋਰੀ ਦੇ ਸ਼ੱਕੀ ਮਾਮਲਿਆਂ ਦੀ ਰਿਪੋਰਟ ਵਿਜੀਲੈਂਸ ਬਿਊਰੋ ਦੀ ਸਮਰਪਿਤ ਹੈਲਪਲਾਈਨ 'ਤੇ ਕਰਨ ਲਈ ਵੀ ਉਤਸ਼ਾਹਿਤ ਕੀਤਾ ਅਤੇ ਨਾਲ ਹੀ ਗੁਪਤਤਾ ਅਤੇ ਤੁਰੰਤ ਕਾਰਵਾਈ ਦਾ ਭਰੋਸਾ ਵੀ ਦਿੱਤਾ।

# ਬਠਿੰਡਾ ਚ ਦਿਨ-ਦਿਹਾੜੇ ਪਿਸਤੌਲ ਦੀ ਨੋਕ ਤੇ ਲੁੱਟ, ਤਿੰਨ ਨਕਾਬਪੋਸ਼ ਲੁਟੇਰਿਆਂ ਨੇ ਬਜ਼ੁਰਗ ਜੋੜੇ ਤੋਂ 1 ਲੱਖ ਰੁਪਏ ਦੀ ਨਕਦੀ ਲੈ ਕੇ ਹੋਏ ਫਰਾਰ



ਬਠਿੰਡਾ- (ਲੋਕ ਬਾਣੀ) ਬਠਿੰਡਾ ਦੇ ਮਾਡਲ ਟਾਊਨ ਫੇਜ਼-1 ਵਿੱਚ ਮੰਗਲਵਾਰ ਨੂੰ ਦਿਨ-ਦਿਹਾੜੇ ਇੱਕ ਵੱਡੀ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਤਿੰਨ ਨਕਾਬਪੋਸ਼ ਹਥਿਆਰਬੰਦ ਲੁਟੇਰਿਆਂ ਨੇ ਬਜ਼ੁਰਗ ਜੋੜੇ ਨੂੰ ਨਿਸ਼ਾਨਾ ਬਣਾਇਆ। ਪੀੜਤ ਨਿਰਮਲ ਕੁਮਾਰ ਵਰਮਾ ਨੇ ਦੱਸਿਆ ਕਿ ਉਸ ਦੀ ਲੱਤ ਵਿੱਚ ਸੱਟ ਲੱਗੀ ਹੋਈ ਹੈ। ਇਸ ਕਾਰਨ ਹਰ ਰੋਜ਼ ਉਨ੍ਹਾਂ ਦੇ ਘਰ ਇਕ ਨਰਸ ਆਉਂਦੀ ਹੈ। ਸਵੇਰੇ ਜਦੋਂ ਉਸ ਨੇ ਦਰਵਾਜ਼ਾ ਖੜਕਾਇਆ ਤਾਂ ਉਸ ਨੇ ਇਹ ਸੋਚ ਕੇ ਖੋਲ੍ਹਿਆ ਕਿ ਇਹ ਕੋਈ ਨਰਸ ਹੈ।ਤਿੰਨ ਨਕਾਬਪੋਸ਼ ਨੌਜਵਾਨ ਤਲਵਾਰਾਂ ਤੇ ਪਿਸਤੌਲਾਂ ਲੈ ਕੇ ਘਰ ਅੰਦਰ ਦਾਖ਼ਲ ਹੋਏ। ਲੁਟੇਰਿਆਂ ਨੇ ਬਜ਼ੁਰਗ ਪਤੀ-ਪਤਨੀ ਨੂੰ ਡਰਾ ਧਮਕਾ ਕੇ ਘਰ ਚ ਰੱਖੀ 1 ਲੱਖ ਰੁਪਏ ਦੀ ਨਕਦੀ ਖੋਹ ਲਈ। ਇੰਨਾ ਹੀ ਨਹੀਂ ਉਨ੍ਹਾਂ ਨੇ ਖਾਲੀ ਚੈੱਕ ਤੇ ਦਸਤਖਤ ਵੀ ਕਰਵਾ ਲਏ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਤਿੰਨੋਂ ਕਾਰ ਵਿੱਚ ਫਰਾਰ ਹੋ ਗਏ।

ਨਿਰਮਲ ਕੁਮਾਰ ਦੇ ਬੱਚੇ ਘਰ ਤੋਂ ਬਾਹਰ ਕੰਮ ਕਰਦੇ ਹਨ। ਘਰ ਵਿੱਚ ਪਤਨੀ ਅਤੇ ਇੱਕ ਨੌਕਰਾਣੀ ਰਹਿੰਦੇ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਸੀਆਈਏ ਸਟਾਫ਼ ਵਨ ਅਤੇ ਟੂ ਦੀਆਂ ਟੀਮਾਂ ਮੌਕੇ ਤੇ ਪਹੁੰਚ ਗਈਆਂ। ਪੁਲਿਸ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲ ਰਹੀ ਹੈ। ਸੀਆਈਏ ਸਟਾਫ਼ 2 ਦੇ ਇੰਚਾਰਜ ਕਰਨਦੀਪ ਸਿੰਘ ਨੇ ਦੱਸਿਆ ਕਿ ਮਾਮਲਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਨੂੰ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਡਿਪਟੀ ਸਪੀਕਰ ਰੌੜੀ ਵੱਲੋਂ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼

ਚੇਨਈ/ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਬਤੌਰ ਚੇਅਰਮੈਨ ਅਨੁਮਾਨ ਕਮੇਟੀ, ਵਣ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ (ਪੰਜਾਬ) ਅਤੇ ਮਾਲ ਅਤੇ ਮੁੜ ਵਸੇਬਾ ਵਿਭਾਗ (ਪੰਜਾਬ) ਦੇ ਬਜਟ ਅਨੁਮਾਨਾਂ ਬਾਰੇ ਰਿਪੋਰਟ ਪੇਸ਼ ਕੀਤੀ।

ਰਿਪੋਰਟ ਪੇਸ਼ ਕਰਦਿਆਂ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਕਮੇਟੀ ਵੱਲੋਂ ਇਨ੍ਹਾਂ ਵਿਭਾਗਾਂ ਦੀ ਸਮੱਗਰੀ ਦੀ ਪੂਰੀ ਤਰ੍ਹਾਂ ਘੋਖ ਕਰਕੇ, ਵਿਭਾਗੀ ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾ ਕਰਕੇ ਰਿਪੋਰਟਾਂ ਸਦਨ ਵਿੱਚ ਪੇਸ਼ ਕੀਤੀਆਂ ਗਈਆਂ ਹਨ।

ਮਾਲ ਅਤੇ ਮੁੜ ਵਸੇਬਾ ਵਿਭਾਗ ਦੀ ਰਿਪੋਰਟ ਵਿੱਚ ਮਾਲ ਅਧਿਕਾਰੀਆਂ ਦੀ ਦਫ਼ਤਰ ਵਿੱਚ ਸਮੇਂ ਸਿਰ ਹਾਜ਼ਰੀ ਸਬੰਧੀ ਜ਼ਿਲ੍ਹਾ ਮੁਖੀਆਂ ਨੂੰ ਹਦਾਇਤਾਂ, ਪਟਵਾਰੀਆਂ ਦੀ ਹਾਜ਼ਰੀ ਅਤੇ ਨਿਰਧਾਰਿਤ ਸਮੇਂ ਤੋਂ ਬਾਅਦ ਇੰਤਕਾਲ ਲੰਬਿਤ ਹੋਣ ਸਬੰਧੀ ਅਚਨਚੇਤ ਚੈਕਿੰਗ, ਫਰਦਾਂ ਸਬੰਧੀ, ਜ਼ਮੀਨਾਂ ਦੀ ਨਿਸ਼ਾਨਦੇਹੀ ਸਬੰਧੀ ਆਨਲਾਇਨ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਸਬੰਧੀ ਢੁੱਕਵੀਆਂ ਸਿਫਾਰਸ਼ਾਂ ਕੀਤੀਆਂ ਗਈਆਂ ਹਨ।



ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੀ ਰਿਪੋਰਟ ਵਿੱਚ ਸਦਨ ਵੱਲੋਂ ਅਲਾਟ ਕੀਤੇ ਗਏ ਬਜਟ ਦੀ ਸੁਚੱਜੀ ਵਰਤੋਂ, ਕਾਰਜਬਲ ਸਥਿਰਤਾ ਨੂੰ ਬਿਹਤਰ ਬਣਾਉਣ ਲਈ ਦਿਹਾੜੀਦਾਰ ਅਤੇ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ, ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਬਦਲੀਆਂ 'ਤੇ ਜ਼ੋਰ ਦਿੱਤਾ ਗਿਆ। ਕਮੇਟੀ ਨੇ ਖਾਲੀ ਪਈ ਸਰਕਾਰੀ ਜ਼ਮੀਨ, ਨਦੀਆਂ, ਨਹਿਰਾਂ, ਡਰੇਨਾਂ, ਸੜਕਾਂ 'ਤੇ ਕਿੱਕਰ, ਟਾਹਲੀ, ਜੰਗ, ਕਰੀਰ, ਜਾਮਣ, ਅੰਬ, ਡੇਕ, ਨਿੰਮ, ਬੋਹੜ, ਪਿੱਪਲ ਵਰਗੇ ਦੇਸ਼ੀ ਰੁੱਖ ਲਗਾ ਕੇ ਹਰਿਆਵਲ ਵਧਾਉਣ ਸਬੰਧੀ ਯਤਨਾਂ ਲਈ ਢੁਕਵੀਆਂ ਸਿਫਾਰਸ਼ਾਂ ਕੀਤੀਆਂ ਗਈਆਂ ਹਨ।

ਡਿਪਟੀ ਸਪੀਕਰ ਨੇ ਕਿਹਾ ਕਿ ਕਮੇਟੀ ਨੇ ਇਸ ਸਾਲ ਛਾਣਬੀਣ ਕਰਨ ਲਈ ਸੂਬਾ ਸਰਕਾਰ ਦੇ 29 ਵਿਭਾਗਾਂ ਦੀ ਚੋਣ ਕੀਤੀ ਗਈ ਸੀ। ਕਮੇਟੀ ਵੱਲੋਂ ਸਾਰੇ ਵਿਭਾਗਾਂ ਦੇ ਰਿਕਾਰਡਾਂ ਦੀ ਜਾਂਚ ਕੀਤੀ ਗਈ, ਸਾਰੇ ਵਿਭਾਗਾਂ ਦੇ ਮੁੱਖੀਆਂ ਦੀ ਮੌਖਿਕ ਪ੍ਰੀਖਿਆ ਕੀਤੀ ਗਈ ਅਤੇ ਵਿੱਤੀ ਅਨੁਮਾਨਾਂ ਦੀ ਮੁਕੰਮਲ ਘੋਖ ਕੀਤੀ ਗਈ।

ਜਨਤਕ ਫੰਡਾਂ ਦੀ ਸੁਚੱਜੀ ਵਰਤੋਂ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਰੌੜੀ ਨੇ ਕਿਹਾ ਕਿ ਜਿਹੜਾ ਪੈਸਾ ਸਦਨ ਵੱਲੋਂ ਬਜਟ ਰਾਹੀਂ ਵੱਖ -2 ਵਿਭਾਗਾਂ ਨੂੰ ਦਿੱਤਾ ਜਾਂਦਾ ਹੈ, ਇਹ ਆਮ ਲੋਕਾਂ ਦਾ ਪੈਸਾ ਹੈ। ਉਨ੍ਹਾਂ ਕਿਹਾ ਕਿ ਵਿਭਾਗਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਹਨਾਂ ਫੰਡਾਂ ਦੀ ਵਰਤੋਂ ਨਾਗਰਿਕਾਂ ਦੀ ਵੱਧ ਤੋਂ ਵੱਧ ਭਲਾਈ ਲਈ ਕੁਸ਼ਲਤਾ ਅਤੇ ਪਾਰਦਰਸ਼ੀ ਢੰਗ ਨਾਲ ਕੀਤੀ ਜਾਵੇ।

ਇਸ ਉਪਰੰਤ ਡਿਪਟੀ ਸਪੀਕਰ ਰੌੜੀ ਨੇ ਰਿਪੋਰਟ ਤਿਆਰ ਕਰਨ ਵਿੱਚ ਕੀਤੇ ਗਏ ਯਤਨਾਂ ਲਈ ਕਮੇਟੀ ਦੇ ਸਾਰੇ ਮੈਂਬਰਾਂ ਅਤੇ ਵਿਧਾਨ ਸਭਾ ਸਕੱਤਰੇਤ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

# ਮੋਹਾਲੀ ਚ ਫੂਡ ਸੇਫਟੀ ਵਿਭਾਗ ਵੱਲੋਂ ਛਾਪੇਮਾਰੀ, ਟੀਮ ਨੇ ਰੈਸਟੋਰੈਂਟਸ ਚ ਸਾਫ਼ ਸਫ਼ਾਈ ਅਤੇ ਖਾਣ ਪੀਣ ਦੀਆਂ ਚੀਜ਼ਾਂ ਦਾ ਲਿਆ ਜਾਇਜ਼ਾ



(ਲੋਕ ਬਾਣੀ) ਮੋਹਾਲੀ ਜ਼ਿਲੇ ਦੇ ਵੱਖ ਵੱਖ ਇਲਾਕਿਆਂ ਚ ਫੂਡ ਸੇਫਟੀ ਵਿਭਾਗ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ ਜਿਸਦੇ ਚੱਲਦੇ ਅੱਜ ਜ਼ੀਰਕਪੁਰ ਦੇ ਵੀਆਈਪੀ ਰੋਡ ਤੇ ਕੇਸਰੀ ਪਲਾਜ਼ਾ ਦੇ ਫੂਡ ਮਾਰਕਿੱਟ ਚ ਫੂਡ ਸੇਫਟੀ ਵਿਭਾਗ ਵੱਲੋਂ ਰੇਡ ਕੀਤੀ ਗਈ।

ਇਸ ਮੌਕੇ ਤੇ ਡਿਸਟ੍ਰਿਕਟ ਹੈਲਥ ਅਫ਼ਸਰ ਡਾਕਟਰ ਅਮਿਤ ਵੜਿੰਗ ਦੀ ਅਗਵਾਈ ਵਾਲੀ ਟੀਮ ਨੇ ਪੂਰੇ ਪਲਾਜ਼ਾ ਚ ਮੌਜੂਦ ਰੈਸਟੋਰੈਂਟਸ ਦੀ ਸਾਫ਼ ਸਫ਼ਾਈ ਅਤੇ ਖਾਣ ਪੀਣ ਦੀਆਂ ਚੀਜ਼ਾਂ ਦੀ ਐਕਸਪਾਇਰੀ ਅਤੇ ਰੱਖ ਰਖਾਵ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਤੇ ਚਲਾਨ ਕੱਟੇ ਗਏ ਅਤੇ ਕਸੂਰਵਾਰਾਂ ਤੇ ਬਣਦੀ ਕਾਰਵਾਈ ਵੀ ਕੀਤੀ ਗਈ

# ਆਸਟ੍ਰੇਲੀਆ ਵਿਖੇ ਸ਼ਹੀਦ ਭਗਤ ਸਿੰਘ ਨੂੰ ਯਾਦ ਕੀਤਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਇੰਡੋ-ਔਸ ਸੀਨੀਅਰ ਸਿਟੀਜ਼ਨ ਕਲੱਬ ਇਨਕਾਰਪੋਰੇਟਡ, ਟਰੁਗਨੀਨਾ ਦੇ ਮੈਂਬਰਾਂ ਨੇ ਆਪਣੀ ਹਫਤਾਵਾਰੀ ਇਕੱਤਰਤਾ ਵਿਚ ਸ਼ਹੀਦ ਭਗਤ ਸਿੰਘ ਨੂੰ ਸ਼ਹੀਦੀ ਦਿਹਾੜੇ ਮੌਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ।ਕਲੱਬ ਦੀ ਉਪ- ਪ੍ਰਧਾਨ ਬਿਮਲਾ ਦੇਵੀ ਨੇ ਸਭ ਦੇ ਭਲੇ ਲਈ ਪ੍ਰਾਰਥਨਾ ਗਾ ਕੇ ਸੁਣਾਈ। ਜਨ: ਸਕੱਤਰ ਦਇਆ ਸਿੰਘ ਨੇ ਭਗਤ ਸਿੰਘ ਜੀ ਦੇ ਜੀਵਨ ਬਾਰੇ ਜਾਣਕਾਰੀ ਸਾਂਝੀ ਕੀਤੀ। ਸ਼ਰਧਾਂਜਲੀ ਵਜੋਂ ਹਰ ਮੈਂਬਰ ਨੇ ਸ਼ਹੀਦ ਭਗਤ ਸਿੰਘ ਦੀ ਫੋਟੋ ਉਤੇ ਫੁੱਲ ਭੇਂਟ ਕੀਤੇ।ਕ੍ਰਿਸ਼ਨ ਪਾਲ ਚੌਹਾਨ ਨੇ ਦੱਸਿਆ ਕਿ ਜਿਥੇ ਜਿਥੇ ਪੰਜਾਬੀ ਹਨ ਉਥੇ ਉਥੇ ਸ਼ਹੀਦ ਭਗਤ ਸਿੰਘ ਨੂੰ ਪੂਰੀ ਦੁਨੀਆਂ ਉਤੇ ਯਾਦ ਕੀਤਾ ਜਾਂਦਾ ਹੈ।ਸ੍ਰੀਮਤੀ ਸੁਮਨ ਬਜਾਜ ਨੇ ਗੀਤ ਮੇਰਾ ਰੰਗ ਦੇ ਬਸੰਤੀ ਚੋਲਾ ਬੜੇ ਭਾਵੁਕ ਅੰਦਾਜ਼ ਵਿਚ ਗਾਇਆ।ਹਰੀ ਚੰਦ ਨੇ ਸ਼ਹੀਦ ਭਗਤ ਸਿੰਘ ਦੇ ਨਾਲ ਜੁੜੀਆਂ ਘਟਨਾਵਾਂ ਦਾ ਜਿਕਰ ਬੜੇ ਸੋਹਣੇ ਵਿਸਥਾਰ ਨਾਲ ਕੀਤਾ।ਮਨਜੀਤ ਕੌਰ ਰੰਧਾਵਾ ਨੇ ਦੇਸ਼ ਭਗਤੀ ਦਾ ਸੋਹਣਾ ਗੀਤ ਗਾ ਕੇ ਸਭ ਦਾ ਮਨ ਮੋਹ ਲਿਆ। ਗੁਰਦਰਸ਼ਨ ਸਿੰਘ ਮਾਵੀ ਨੇ ਆਪਣੀ ਕਵਿਤਾ ਰਾਹੀਂ ਦੇਸ਼ ਦੀ ਅਜ਼ਾਦੀ ਦੇ ਸੰਗਰਾਮ ਦੀ ਬਾਤ ਪਾਈ।ਇੰਦਰਜੀਤ ਨਈਅਰ ਨੇ ਵਜਦ ਵਿਚ ਆ ਕੇ ਦੇਸ਼ ਪ੍ਰੇਮ ਦਾ ਖੂਬਸੂਰਤ ਗੀਤ ਪੇਸ਼ ਕੀਤਾ।ਸਟੇਜ ਸੰਚਾਲਨ ਗੁਰਦਰਸ਼ਨ ਸਿੰਘ ਮਾਵੀ ਨੇ ਬੜੇ ਸੁਲਝੇ ਹੋਏ ਢੰਗ ਨਾਲ ਕੀਤਾ।ਅਖੀਰ ਵਿਚ ਦਇਆ ਸਿੰਘ ਨੇ ਅਗਲੇ ਹਫਤੇ ਦੇ ਪ੍ਰੋਗਰਾਮ ਬਾਰੇ ਦੱਸਿਆ ਅਤੇ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਬੀ.ਅਮਰ ਮਰਵਾਹਾ,ਚਰਨਜੀਤ ਸਿੰਘ,ਆਰ.ਐਸ.ਜੰਮੂ,ਸੁਖਜੀਤ ਸਿੰਘ,ਹਰਜਿੰਦਰ ਸਿੰਘ,ਜੱਸਾ ਸਿੰਘ,ਸੰਤੋਖ ਸਿੰਘ,ਕਿਰਪਾਲ ਸਿੰਘ,ਗੁਰਦੇਵ ਸਿੰਘ,ਤੇਜ ਪ੍ਰਤਾਪ ਸਿੰਘ,ਦਵਿੰਦਰ ਕੌਰ,ਗੁਰਦੀਸ਼ ਕੌਰ,ਕੁਲਵੰਤ ਕੌਰ,ਜਸਵਿੰਦਰ ਕੌਰ ਹਾਜ਼ਰ ਸਨ।

# ਪ੍ਰੋਫੈਸਰ ਪੂਰਨ ਸਿੰਘ ਸਾਇੰਸ ਸੋਸਾਇਟੀ ਅਤੇ ਰੈੱਡ ਰਿਬਨ ਸੋਸਾਇਟੀ ਦੁਆਰਾ ਮਨਾਇਆ ਗਿਆ ਵਿਸ਼ਵ ਜਲ ਦਿਵਸ



ਫਗਵਾੜਾ- (ਸੁਸ਼ੀਲ ਸ਼ਰਮਾ )
ਆਈਕਿਊਏਸੀ ਨੇ ਪ੍ਰੋਫੈਸਰ ਪੂਰਨ ਸਿੰਘ ਸਾਇੰਸ ਸੋਸਾਇਟੀ ਅਤੇ ਕਮਲਾ ਨਹਿਰੂ ਕਾਲਜ ਫਾਰ ਵੂਮੈਨ, ਫਗਵਾੜਾ ਦੇ ਰੈੱਡ ਰਿਬਨ ਸੋਸਾਇਟੀ ਦੇ ਸਹਿਯੋਗ ਨਾਲ ਵਿਸ਼ਵ ਜਲ ਦਿਵਸ ਮਨਾਇਆ। ਇਸ ਮੌਕੇ ਤੇ, ਲਗਭਗ 25 ਵਿਦਿਆਰਥੀਆਂ ਨੇ ਸ਼ਾਂਤੀ ਲਈ ਪਾਣੀ ਦਾ ਲਾਭ ਉਠਾਉਣਾ ਦੇ ਥੀਮ ਹੇਠ ਪਲਾਕਾਰਡ ਪੋਸਟਰ ਪੇਸ਼ਕਾਰੀ ਪੇਸ਼ ਕੀਤੀ। ਇਸ ਸਮਾਗਮ ਦਾ ਮੁੱਖ ਪ੍ਰੇਰਣਾ ਸ਼ਾਂਤੀ ਅਤੇ ਸਹਿਯੋਗ ਲਈ ਇੱਕ ਸਾਧਨ ਵਜੋਂ ਪਾਣੀ ਦੀ ਮਹੱਤਤਾ ਤੇ ਜ਼ੋਰ ਦੇਣਾ, ਸਦਭਾਵਨਾ ਨੂੰ ਉਤਸ਼ਾਹਿਤ ਕਰਨ, ਖੁਸ਼ਹਾਲੀ ਪੈਦਾ ਕਰਨ ਅਤੇ ਸਾਂਝੀਆਂ ਚੁਣੌਤੀਆਂ ਪ੍ਰਤੀ ਲਚਕੀਲਾਪਣ ਬਣਾਉਣ ਵਿੱਚ ਇਸਦੀ ਭੂਮਿਕਾ ਨੂੰ ਉਜਾਗਰ ਕਰਨਾ ਸੀ। ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਤਾਜ਼ੇ ਪਾਣੀ ਦੇ ਕੁਦਰਤੀ ਸਰੋਤਾਂ ਦਾ ਸਥਾਈ ਪ੍ਰਬੰਧਨ, ਹਾਈਡ੍ਰੋਸਫੀਅਰ ਦੀ ਰੱਖਿਆ ਕਰਨ ਅਤੇ ਮੌਜੂਦਾ ਅਤੇ ਭਵਿੱਖ ਦੀ ਮਨੁੱਖੀ ਮੰਗ ਨੂੰ ਪੂਰਾ ਕਰਨ ਬਾਰੇ ਆਪਣੇ ਵਿਚਾਰਾਂ ਨਾਲ ਜਾਣੂ ਕਰਵਾਇਆ। ਵਿਦਿਆਰਥੀਆਂ ਨੇ ਸਭ ਤੋਂ ਕੀਮਤੀ ਖਜ਼ਾਨੇ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਕਰਨ ਅਤੇ ਪਾਣੀ ਦੀ ਇੱਕ ਬੂੰਦ ਵੀ ਬਰਬਾਦ ਨਾ ਕਰਨ ਦਾ ਪ੍ਰਣ ਵੀ ਲਿਆ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ’ਤੇ ਫਰੀ ਵੰਡੀਆਂ ਹਰੀਆਂ ਸਬਜੀਆਂ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਸਥਾਨਕ ਖੇੜਾ ਰੋਡ ’ਤੇ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਹਰੀਆਂ ਸਬਜੀਆਂ ਦੀ ਮਹੱਤਤਾ ਦੱਸਦੇ ਹੋਏ ਫਰੀ ਸਬਜੀਆਂ ਵੰਡੀਆਂ ਗਈਆਂ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਦਿਆਂ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਲੋਕਾਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਹਰੀਆਂ ਸਬਜ਼ੀਆਂ ਦਾ ਸੇਵਨ ਕਰਨ ਲਈ ਪ੍ਰੇਰਿਤ ਕਰਨਾ ਹੈ। ਕਿਉਂਕਿ ਹਰੀਆਂ ਸਬਜ਼ੀਆਂ ਵਿਟਾਮਿਨ, ਪ੍ਰੋਟੀਨ ਅਤੇ ਖਣਿਜਾਂ ਦਾ ਭੰਡਾਰ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ ਸਮਾਜ ਸੇਵਕ ਮੋਹਨ ਲਾਲ ਤਨੇਜਾ ਦੇ ਸਹਿਯੋਗ ਸਦਕਾ ਹਰ ਮਹੀਨੇ ਇੱਕ ਵਾਰ ਕੀਤਾ ਜਾਂਦਾ ਹੈ। ਉਨ੍ਹਾਂ ਇਸ ਸੇਵਾ ਨੂੰ ਲਗਾਤਾਰ ਜਾਰੀ ਰੱਖਣ ਦੀ ਗੱਲ ਵੀ ਕਹੀ। ਸਬਜ਼ੀਆਂ ਵੰਡਣ ਦੀ ਸੇਵਾ ਸੁਸਾਇਟੀ ਮੈਂਬਰ ਮਲਕੀਅਤ ਸਿੰਘ ਰਘਬੋਤਰਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਵਿਜੇ ਕੁਮਾਰ ਵਲੋਂ ਨਿਭਾਈ ਗਈ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਨੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ।

# ਮੈਡੀਕਲ ਕੈਂਪ ਚ ਲੋਕ ਨੇ ਸਿਹਤ ਸਹੂਲਤਾਂ ਦਾ ਲਿਆ ਲਾਹਾ

## ☛ ਬੇਟੀ ਬਚਾਓ,ਬੇਟੀ ਪੜ੍ਹਾਓ ਤਹਿਤ ਮੈਡੀਕਲ ਕੈਂਪ ਲਗਾਇਆ




ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਕਪੂਰਥਲਾ ਸ੍ਰੀ ਅਮਿਤ ਕੁਮਾਰ ਪੰਚਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਦੀ ਅਗਵਾਈ ਹੇਠ ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਸਬ ਡਵੀਜ਼ਨ ਹਸਪਤਾਲ ਫਗਵਾੜਾ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ.ਜੋਗਿੰਦਰ ਸਿੰਘ ਮਾਨ ,ਸਿਵਲ ਸਰਜਨ ਡਾ.ਰਿਚਾ ਭਾਟੀਆ ਅਤੇ ਐਸ.ਡੀ.ਐਮ ਫਗਵਾੜਾ ਜਸਨਜੀਤ ਸਿੰਘ ਨੇ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ.ਜੋਗਿੰਦਰ ਸਿੰਘ ਮਾਨ ਵੱਲੋਂ ਕੈਂਪ ਦਾ ਉਦਘਾਟਨ ਕੀਤਾ ਗਿਆ ਤੇ ਕੈਂਪ ਵਿੱਚ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਵੀ ਲਿਆ। ਉਹਨਾਂ ਵੱਲੋਂ ਕੈਂਪ ਵਿੱਚ ਲਗਾਈ ਬੇਟੀ ਬਚਾਓ ਬੇਟੀ ਪੜ੍ਹਾਓ ਸੰਬਧੀ ਪ੍ਰਦਰਸ਼ਨੀ ਦੀ ਸ਼ਲਾਘਾ ਵੀ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਹੁਤ ਸਾਰੀਆਂ ਮੁਫ਼ਤ ਸਹੂਲਤਾਂ ਦਿੱਤੀਆ ਗਈਆਂ ਹਨ ਤੇ ਅਜਿਹੇ ਕੈਂਪ ਲੋਕਾਂ ਨੂੰ ਸਾਰੀਆਂ ਸਿਹਤ ਸਹੂਲਤਾਂ ਇਕ ਹੀ ਜਗ੍ਹਾ ਉਪਲੱਬਧ ਕਰਵਾਉਂਦੇ ਹਨ। ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਹਨਾਂ ਇਹ ਵੀ ਕਿਹਾ ਕਿ ਭਵਿੱਖ ਵਿਚ ਵੀ ਅਜਿਹੇ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ। ਉਹਨਾਂ ਵੱਲੋਂ ਕੈਂਪ ਵਿੱਚ ਡਿਊਟੀ ਦੇ ਰਹੇ ਸਟਾਫ਼ ਦੀ ਹੌਸਲਾਅਫਜ਼ਾਈ ਵੀ ਕੀਤੀ ਗਈ। ਕੈਂਪ ਦੌਰਾਨ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਅੱਜ ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਵਿਸ਼ੇਸ਼ ਜਾਗਰੂਕਤਾ ਪ੍ਰਦਰਸ਼ਨੀ ਲਗਾਈ ਗਈ ਅਤੇ ਪ੍ਰੋਜੈਕਟਰ ਲਗਾਕੇ ਬੇਟੀ ਬਚਾਓ ਬੇਟੀ ਪੜ੍ਹਾਓ ਵਿਸ਼ੇ ਤੇ ਇਕ ਡਾਕੂਮੈਂਟਰੀ ਵੀ ਦਿਖਾਈ ਗਈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਪੂਰਥਲਾ ਪੰਜਾਬ ਵਿੱਚ ਸੈਕਸ ਰੇਸ਼ੋ ਦੇ ਹਿਸਾਬ ਨਾਲ ਪੰਜਾਬ ਵਿੱਚ ਪਹਿਲੇ ਨੰਬਰ ਤੇ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਿਚ ਅੱਗੇ ਵੀ ਅਜਿਹੇ ਜਾਗਰੂਕਤਾ ਭਰਪੂਰ ਪ੍ਰਦਰਸ਼ਨੀਆਂ ਲਾਈਆਂ ਜਾਂਦੀਆਂ ਰਹਿਣਗੀਆਂ।

ਸੀਨੀਅਰ ਮੈਡੀਕਲ ਅਫ਼ਸਰ ਫਗਵਾੜਾ ਡਾ.ਪਰਮਿੰਦਰ ਕੌਰ ਨੇ ਦਸਿਆ ਕਿ ਕੈਂਪ ਵਿੱਚ 615 ਵੱਧ ਮਰੀਜ਼ਾਂ ਨੇ ਸਿਹਤ ਸਹੂਲਤਾਂ ਦਾ ਲਾਭ ਉਠਾਇਆ। ਇਸ ਕੈਂਪ ਦੌਰਾਨ ਆਯੂਰਵੈਦਿਕ,ਹੋਮਿਓਪੈਥੀ ਤੋਂ ਇਲਾਵਾ ਵੱਖ-ਵੱਖ ਰੋਗਾਂ ਦੇ ਮਾਹਿਰ ਡਾਕਟਰਾਂ ਵਲੋਂ ਮਰੀਜ਼ਾਂ ਦੀ ਜਾਂਚ ਕੀਤੀ, ਲੈਬ ਟੈਸਟ, ਯੂ.ਡੀ.ਆਈ.ਡੀ.,ਆਯੂਸ਼ਮਾਨ, ਆਭਾ.ਆਈ.ਡੀ.ਆਦਿ ਸੁਵਿਧਾਵਾਂ ਮੁੱਹਈਆ ਕਰਵਾਈ ਗਈਆਂ। ਇਸ ਮੌਕੇ ਨਗਰ ਨਿਗਮ ਫਗਵਾੜਾ ਦੇ ਮੇਅਰ ਰਾਮਪਾਲ ਉੱਪਲ,ਡਾ.ਰਵੀ ਕੁਮਾਰ ਸਰਜਨ,ਡਾ. ਸਿਮਰਦੀਪ ਕੌਰ,ਡਾ.ਨਰੇਸ਼ ਕੁਦੰਰਾ,ਡਾ.ਰਾਜੇਸ਼ ਚੰਦਰ,ਡਾ.ਸੁਮਿਤ ਕੌਰ ਮਦਾਨ,ਡਾ.ਰਾਜੀਵ,ਡਾ.ਅੰਕੁਸ਼,ਡਾ.ਦਰਸ਼ਨ ਬੱਧਨ,ਡਾ.ਆਸ਼ੂ ਧਿਆਨਾ,ਡਾ ਸੁਮਨਦੀਪ ਸਿੰਘ,ਡਾ.ਬਲਰਾਜ ਕੌਰ,ਚੀਫ ਫਾਰਮਾਸਿਸਟ ਉਰਮਿਲਾ ਕੁਮਾਰੀ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਜਸਵਿੰਦਰ ਕੌਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘਾ,ਨਰਸਿੰਗ ਸਿਸਟਮ ਗੀਟਾ ਮਸੀਹ,ਪਰਮਿੰਦਰ ਕੌਰ,ਬੀ.ਈ.ਈ.ਰਵਿੰਦਰ ਜੱਸਲ, ਫਾਰਮੇਸੀ ਅਫ਼ਸਰ ਸਮੇਤ ਵੱਡੀ ਗਿਣਤੀ ਵਿਚ ਸਟਾਰ ਮੈਂਬਰ ਹਾਜ਼ਰ ਸਨ।

# ਮਾਨਸਰੋਵਰ ਸਾਹਿਤਕ ਅਕਾਦਮੀ ਨੇ ਹੀਰੇ ਚੁਣ ਚੁਣ ਕੇ ਬਣਾ ਲਿਆ ਇੱਕ ਹਾਰ, ਤੇ ਸਾਹਿਤ ਦੀ ਫੁਲਵਾੜੀ ਨੂੰ ਦਿੱਤਾ ਸ਼ਿੰਗਾਰ-ਸੂਦ ਵਿਰਕ

ਫ਼ਗਵਾੜਾ (ਸੁਸ਼ੀਲ ਸ਼ਰਮਾ) ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਬੀਤੇ ਦਿਨੀਂ ਕਰਵਾਇਆ ਗਿਆ ਲਾਈਵ ਪੰਜਾਬੀ ਕਵੀ ਦਰਬਾਰ ਸ਼ਾਨਦਾਰ ਹੋ ਨਿਬੜਿਆ। ਜਿਸ ਵਿੱਚ ਕਵੀ ਜਸਵੀਰ ਕੌਰ ਜੱਸੀ ਜੀ,ਰਮਣੀਕ ਸਿੰਘ ਘੁੰਮਣ ਜੀ,ਰਾਜਬੀਰ ਕੌਰ ਬੀਰ ਜੀ,ਪਰਮਜੀਤ ਕੌਰ ਜੀ ਅਤੇ ਹਰਬੰਸ ਸਿੰਘ ਰਾਏ ਜੀ ਸ਼ਾਮਿਲ ਹੋਏ। ਪ੍ਰੋਗਰਾਮ ਦਾ ਆਗਾਜ਼ ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਸ਼ਾਨਦਾਰ ਅੰਦਾਜ਼ ਵਿੱਚ ਕੀਤਾ। ਫਿਰ ਜਸਵੀਰ ਕੌਰ ਜੱਸੀ ਜੀ ਨੇ ਬਾ-ਕਮਾਲ ਕਵਿਤਾਵਾਂ ਪੇਸ਼ ਕੀਤੀਆਂ ਅਤੇ ਰਮਣੀਕ ਸਿੰਘ ਘੁੰਮਣ ਜੀ ਨੇ ਦਿਲ ਨੂੰ ਛੂਹਣ ਵਾਲੀਆਂ ਕਵਿਤਾਵਾਂ ਪੇਸ਼ ਕੀਤੀਆਂ। ਪਰਮਜੀਤ ਕੌਰ ਜੀ ਨੇ ਵੀ ਭਾਵੁਕ ਕਵਿਤਾਵਾਂ ਨਾਲ ਖ਼ੂਬ ਸਮਾਂ ਬੰਨ੍ਹਿਆ।ਰਾਜਬੀਰ ਕੌਰ ਬੀਰ ਜੀ ਨੇ ਵੀ ਸਕੂਨ ਭਰਪੂਰ ਕਵਿਤਾਵਾਂ ਨਾਲ ਸਰੋਤਿਆਂ ਤੋਂ




ਵਾਹ-ਵਾਹ ਖੱਟੀ। ਹਰਬੰਸ ਸਿੰਘ ਰਾਏ ਜੀ ਨੇ ਵੀ ਸੇਧ ਵਰਧਕ ਕਵਿਤਾਵਾਂ ਨਾਲ ਸਰੋਤਿਆਂ ਦਾ ਮਨ ਮੋਹ ਲਿਆ। ਪ੍ਰੋਗਰਾਮ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਅਖੀਰ ਵਿੱਚ ਜਸਵੀਰ ਕੌਰ ਜੱਸੀ ਜੀ ਨੇ ਇੱਕ ਵਿਸੇਸ਼ ਕਵਿਤਾ ਸੰਚਾਲਕ ਮਹਿੰਦਰ ਸੂਦ ਵਿਰਕ ਅਤੇ ਮਾਨਸਰੋਵਰ ਸਾਹਿਤਕ ਅਕਾਦਮੀ ਦੀ ਸਮੁੱਚੀ ਟੀਮ ਲਈ ਸੁਣਾ ਕੇ ਧੰਨਵਾਦ ਕੀਤਾ। ਰਾਜਬੀਰ ਕੌਰ ਬੀਰ ਜੀ ਨੇ ਵਿਸੇਸ਼ ਤੌਰ ਤੇ ਕਿਹਾ ਕਿ ਕਲਮਕਾਰਾਂ ਨੂੰ ਆਪਣੇ ਵਿਚਾਰ ਰੱਖਣ ਦਾ ਪੂਰਾ ਸਮਾਂ ਦੇਣਾ ਅਤੇ ਸਰੋਤਿਆਂ ਦਾ ਖਿਆਲ ਰੱਖਣਾ ਬਹੁਤ ਹੀ ਵੱਡੀ ਗੱਲ ਹੈ। ਸੰਚਾਲਕ ਸੂਦ ਵਿਰਕ ਨੇ ਸੱਭ ਕਲਮਕਾਰਾਂ, ਸਰੋਤਿਆਂ ਦਾ ਅਤੇ ਮਾਨਸਰੋਵਰ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

# ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ

ਫਗਵਾੜਾ (ਸੁਸ਼ੀਲ ਸ਼ਰਮਾ) ਗੁਰੂ ਘਰ ਦੇ ਕੀਰਤਨੀਏ ਭਾਈ ਸੱਤਾ ਜੀ ਅਤੇ ਭਾਈ ਬਲਵੰਡ ਜੀ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ ਸਮੂਹ ਇਲਾਕਾ ਨਿਵਾਸੀ ਸਾਧ ਫਗਵਾੜਾ ਦੇ ਭਰਭੂਰ ਸਹਿਯੋਗ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾਂੜਾ ਵਿਖੇ ਕਰਵਾਇਆ ਗਿਆ ।ਇਸ ਮੌਕੇ ਗਿਆਨੀ ਮਨਦੀਪ ਸਿੰਘ ਮੁਰੀਦ ਜੀ ਕਥਾ ਵਾਚਕ ਸੰਗਰੂਰ ਵਾਲੇ,ਭਾਈ ਸਤਵਿੰਦਰ ਸਿੰਘ ਬੋਦਲ,ਭਾਈ ਕੇਵਲ ਸਿੰਘ ਕਥਾ ਵਾਚਕ, ਭਾਈ ਸਤਿੰਦਰਜੀਤ ਸਿੰਘ ਖਾਲਸਾ,ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸੁਖਚੈਨਆਣਾ ਸਾਹਿਬ ਆਦਿ ਜਥੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਸੰਗਤਾਂ ਲਈ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ.ਨਰਿੰਦਰ ਸਿੰਘ,ਭਾਈ ਗੁਰਦੀਪ ਸਿੰਘ ਪ੍ਰੇਮਪੁਰ ਵਾਲੇ, ਜਤਿੰਦਰਪਾਲ ਸਿੰਘ ਪਲਾਹੀ ਪ੍ਰਧਾਨ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ,ਫਗਵਾੜਾ,ਰਜਿੰਦਰ ਸਿੰਘ ਚੰਦੀ ਰਾਣੀਪੁਰ,ਸਤਨਾਮ ਸਿੰਘ ਅਰਸ਼ੀ,ਸਤਿੰਦਰਜੀਤ ਸਿੰਘ ਖਾਲਸਾ,ਹਰਿੰਦਰ ਸਿੰਘ ਪਲਾਹੀ,ਸਨਦੀਪ ਸਿੰਘ ਤਬਲਾਵਾਦਕ,ਜਤਿੰਦਰ ਸਿੰਘ ਖਾਲਸਾ,ਭਾਈ ਅੰਮ੍ਰਿਤਪਾਲ ਸਿੰਘ,ਭਾਈ ਬਲਵਿੰਦਰ ਸਿੰਘ,ਸਿਮਰਨਜੀਤ ਸਿੰਘ ਖਾਲਸਾ,ਸੰਤ ਤਲਵਿੰਦਰ ਸਿੰਘ ਪਰਮੇਸ਼ਵਰ ਭੋਗਪੁਰ ਵਾਲੇ,ਸੰਤ ਹਰਦੀਪ ਸਿੰਘ ਗੁਰਦੁਆਰਾ ਸ਼ਹੀਦਾਂ ਰਿਹਾਣਾ ਜੱਟਾਂ ਆਦਿ ਹਾਜਰ ਸਨ।



# ਸਰਪੰਚ ਵਰੁਣ ਬੰਗੜ ਦੀ ਅਗਵਾਈ ‘ਚ ਐਸ.ਡੀ.ਐਮ. ਨੂੰ ਮਿਲਿਆ ਚੱਕ ਹਕੀਮ ਦੀ ਪੰਚਾਇਤ ਦਾ ਵਫਦ



ਫਗਵਾੜਾ ( ਸੁਸ਼ੀਲ ਸ਼ਰਮਾ ) ਗ੍ਰਾਮ ਪੰਚਾਇਤ ਪਿੰਡ ਚੱਕ ਹਕੀਮ ਦਾ ਇਕ ਵਫਦ ਅੱਜ ਸਰਪੰਚ ਵਰੁਣ ਬੰਗੜ ਦੀ ਅਗਵਾਈ ਹੇਠ ਐਸ.ਡੀ.ਐਮ. ਫਗਵਾੜਾ ਨੂੰ ਮਿਲਿਆ। ਇਸ ਦੌਰਾਨ ਉਹਨਾਂ ਐਸ.ਡੀ.ਐਮ. ਜਸ਼ਨਜੀਤ ਸਿੰਘ ਨੂੰ ਮੰਗ ਪੱਤਰ ਦਿੰਦਿਆਂ ਪਿੰਡ ਚੱਕ ਹਕੀਮ ਨੇੜੇ ਖੁੱਲ੍ਹੇ ਸ਼ਰਾਬ ਦੇ ਠੇਕੇ ਹਟਾਉਂਣ ਅਤੇ ਪਿੰਡ ਵਾਸੀਆਂ ਦੀਆਂ ਹੋਰ ਮੁਸ਼ਕਲਾਂ ਦੇ ਢੁਕਵੇਂ ਹਲ ਕਰਵਾਉਣ ਦੀ ਮੰਗ ਕੀਤੀ। ਸਰਪੰਚ ਵਰੁਣ ਬੰਗੜ ਨੇ ਐਸ.ਡੀ.ਐਮ. ਨੂੰ ਦੱਸਿਆ ਕਿ ਪਿੰਡ ਵਾਸੀ ਅਤੇ ਨੇੜਲੇ ਇਲਾਕਿਆਂ ਦੇ ਵਸਨੀਕਾਂ ਨੂੰ ਜੀ.ਟੀ. ਰੋਡ ’ਤੇ ਆਉਂਦੇ- ਜਾਂਦੇ ਸਮੇਂ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੀ.ਟੀ. ਰੋਡ ਦੇ ਦੋਵੇਂ ਪਾਸੇ ਅਤੇ ਪਿੰਡ ਦੇ ਚੜ੍ਹਦੇ ਪਾਸੇ ਸ਼ਰਾਬ ਦੇ 3 ਠੇਕੇ ਹਨ। ਜਿੱਥੇ ਸ਼ਰਾਬੀਆਂ ਦੀ ਹਮੇਸ਼ਾਂ ਭਾਰੀ ਭੀੜ ਲੱਗੀ ਰਹਿੰਦੀ ਹੈ। ਜਿਸ ਨਾਲ ਆਉਂਣ ਜਾਣ ਵਾਲੇ ਰਾਹਗੀਰਾਂ ਨੂੰ ਕਾਫੀ ਮੁਸ਼ਕਲਾਂ ਪੇਸ਼ ਆਉਂਦੀਆਂ ਹਨ। ਖਾਸ ਗੱਲ ਇਹ ਹੈ ਕਿ ਇਹਨਾਂ ਤਿੰਨਾਂ ਠੇਕਿਆਂ ਦੇ ਕੋਲ ਸਿੱਖਿਆ ਦੇ ਵੱਡੇ ਅਦਾਰੇ ਹਨ। ਸਕੂਲਾਂ ਦੇ ਤਕਰੀਬਨ ਸਾਰੇ ਵਿਦਿਆਰਥੀ ਇਹਨਾਂ ਠੇਕਿਆਂ ਦੇ ਅੱਗੇਓਂ ਲੰਘਦੇ ਹਨ। ਸ਼ਰਾਬ ਦੇ ਠੇਕਿਆਂ ਦੇ ਨਾਲ ਹੀ ਚਰਚ, ਭਾਈ ਘਨ੍ਹਈਆ ਜੀ ਗੁਰਦੁਆਰਾ, ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮੰਦਰ ਚੱਕ ਹਕੀਮ, ਦੇਹਰਾ ਸ਼੍ਰੀ ਗੁਰੂ ਰਵਿਦਾਸ ਮੰਦਰ ਚੱਕ ਹਕੀਮ ਅਤੇ ਹੋਰ ਮੰਦਰ ਹਨ, ਜਿਨ੍ਹਾਂ ਦੀ ਸਮੁੱਚੀ ਸੰਗਤ ਨੂੰ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਤੋਂ ਇਲਾਵਾ ਪਿੰਡ ਚੱਕ ਹਕੀਮ ਦੇ ਨਜਦੀਕ ਕੁਝ ਕਬਾੜੀਆਂ ਵਲੋਂ ਗ਼ੈਰ ਕਾਨੂੰਨੀ ਢੰਗ ਨਾਲ ਪੁਰਾਣੀਆਂ ਗੱਡੀਆਂ ਖੜ੍ਹੀਆਂ ਕੀਤੀਆਂ ਹੋਈਆਂ ਹਨ ਅਤੇ ਰੋਡ ਤੇ ਹੀ ਉਹਨਾਂ ਦੀ ਕਟਿੰਗ ਕੀਤੀ ਜਾਂਦੀ ਹੈ। ਜਿਸ ਨਾਲ ਟਰੈਫਿਕ ਵਿਚ ਰੁਕਾਵਟ ਪੈਦਾ ਹੁੰਦੀ ਹੈ। ਇੱਥੇ ਕਈ ਹਾਦਸੇ ਅਤੇ ਮੌਤਾਂ ਹੋ ਚੁੱਕੀਆਂ ਹਨ। ਕਬਾੜੀਆਂ ਦੀ ਗੈਰ ਕਾਨੂੰਨੀ ਕਾਰਗੁਜਾਰੀ ਸਬੰਧੀ ਪ੍ਰਸ਼ਾਸਨ ਨੂੰ ਕਈ ਵਾਰ ਬੇਨਤੀ ਕੀਤੀ ਗਈ ਹੈ ਪਰ ਕੋਈ ਕਾਰਵਾਈ ਨਹੀਂ ਹੋਈ। ਉਹਨਾਂ ਨੇ ਪਿੰਡ ਚੱਕ ਹਕੀਮ ਦੀ ਹੱਦ ਵਿੱਚ ਕਈ ਗ਼ੈਰ ਕਾਨੂੰਨੀ ਕਲੋਨੀਆਂ ਕੱਟੇ ਜਾਣ ਵੱਲ ਵੀ ਐਸ.ਡੀ.ਐਮ. ਦਾ ਧਿਆਨ ਦੁਆਇਆ ਅਤੇ ਸਾਰੀਆਂ ਮੁਸ਼ਕਲਾਂ ਦਾ ਜਲਦੀ ਅਤੇ ਢੁਕਵਾਂ ਹਲ ਕਰਨ ਦੀ ਮੰਗ ਕੀਤੀ। ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਉਹ ਬਣਦੀ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ ਕਰਨਗੇ। ਇਸ ਮੌਕੇ ਪਰਮਜੀਤ ਪੱਪੂ ਪੰਚ, ਗੁਲਸ਼ਨ ਕੁਮਾਰ ਜੱਸਲ ਪੰਚ, ਲੀਲਾ ਰਾਮ ਪੰਚ, ਬਲਵੀਰ ਕੁਮਾਰ ਪੰਚ, ਸ਼ਮੀ ਬੰਗੜ ਪੰਚ, ਸੀਮਾ ਰਾਣੀ ਪੰਚ, ਅਨੀਤਾ ਰਾਣੀ ਪੰਚ, ਸੀਮਾ ਪੰਚ, ਰਜਨੀ ਪੰਚ ਤੋਂ ਇਲਾਵਾ ਰਵੀ ਕੁਮਾਰ ਮੰਤਰੀ, ਜਗਦੀਸ਼ ਕੁਮਾਰ, ਸਤਵੀਰ ਕੁਮਾਰ, ਨਿਰਮਲ ਦਾਸ, ਬਨਾਰਸੀ ਦਾਸ, ਧਰਮਪਾਲ ਬੰਗੜ, ਸੋਢੀ ਰਾਮ, ਤਿਲਕ ਰਾਜ, ਨਵੀਨ ਬੰਗੜ, ਗੋਪੀ ਬੰਗੜ ਆਦਿ ਹਾਜਰ ਸਨ।

# ਖੇੜੀ-ਝਮੇੜੀ ਵਿਖੇ ਮਾਰਚ ਮਹੀਨੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ

ਫ਼ਗਵਾੜਾ-ਜੋਧਾਂ (ਸੁਸ਼ੀਲ ਸ਼ਰਮਾ) ਕਸਬਾ ਜੋਧਾਂ ਦੇ ਨਜ਼ਦੀਕੀ ਪਿੰਡ ਖੇੜੀ-ਝਮੇੜੀ ਦੇ ਹਾਈ ਸਕੂਲ ਵਿਖੇ ਸਥਿਤ ਸ਼ਹੀਦ ਭਗਤ ਸਿੰਘ ਦੇ ਬੁੱਤ ਅਸਥਾਨ ਵਿਖੇ ਗ੍ਰਾਮ ਪੰਚਾਇਤ ਹਿਮਾਂਯੂਪੁਰਾ ਦੇ ਸਰਪੰਚ ਦੇ ਸਰਪੰਚ ਜਗਦੇਵ ਸਿੰਘ ਗਰੇਵਾਲ,ਜਮਹੂਰੀ ਕਿਸਾਨ ਸਭਾ ਪੰਜਾਬ ਏਰੀਆ ਜੋਧਾਂ ਦੇ ਆਗੂ ਸਕਿੰਦਰ ਸਿੰਘ ਗਰੇਵਾਲ ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸਥਾਨਕ ਆਗੂਆਂ ਵਿੱਲੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਸ ਮੌਕੇ ਤੇ ਹਰਵਿੰਦਰ ਸਿੰਘ ਪੰਚ,ਪਵਨਦੀਪ ਸਿੰਘ, ਗਿਆਨ ਸਿੰਘ,ਹੈਪੀ ਸਿੰਘ,ਕਮਲਜੀਤ ਸਿੰਘ, ਜੁਗਰਾਜ ਸਿੰਘ,ਸਾਹਿਬ ਜੀਤ ਸਿੰਘ ਅਦਿ ਹਾਜ਼ਰ ਸਨ।



ਇਸ ਮੌਕੇ ਤੇ ਸਰਪੰਚ ਜਗਦੇਵ ਸਿੰਘ ਹਿਮਾਂਯੂਪੁਰਾ ਤੇ ਸਕਿੰਦਰ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਵੱਖ ਵੱਖ-ਪਿੰਡਾਂ ਵਿੱਚ ਮੀਟਿੰਗਾਂ ਕਰਕੇ ਸ਼ਹੀਦ ਭਗਤ ਸਿੰਘ ਸਭਾਵਾਂ ਦਾ ਗਠਨ ਕੀਤਾ ਜਾਵੇਗਾ। ਇਨ੍ਹਾਂ ਮੀਟਿੰਗਾਂ ਨੂੰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ ਵਿਸ਼ੇਸ਼ ਤੌਰ ਤੇ ਸੰਬੋਧਨ ਕਰਨਗੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਵਿਧਾਇਕ ਧਾਲੀਵਾਲ ਨੇ ਵਿਧਾਨ ਸਭਾ 'ਚ ਚੁੱਕਿਆ ਸਰਕਾਰ ਦੀ ਵਿਵਾਦਪੂਰਨ ਅਧਿਆਪਕ ਤਰੱਕੀ ਨੀਤੀ ਦਾ ਮੁੱਦਾ





ਫਗਵਾੜਾ, ( ਸੁਸ਼ੀਲ ਸ਼ਰਮਾ ) ਪੰਜਾਬ ਸਰਕਾਰ ਵੱਲੋਂ ਵਿਵਾਦਪੂਰਨ ਨੀਤੀ ਰਾਹੀਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਤਰੱਕੀ ਦੇ ਨਾਲ ਦੂਰ-ਦੁਰਾਡੇ ਦੇ ਸਕੂਲਾਂ ਵਿੱਚ ਤਬਦੀਲ ਕਰਨ ਨਾਲ ਜਿੱਥੇ ਅਧਿਆਪਕ ਜੱਥੇਬੰਦੀਆਂ ਵਿੱਚ ਭਾਰੀ ਰੋਸ ਹੈ, ਉੱਥੇ ਹੀ ਫਗਵਾੜਾ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਵੀ ਅੱਜ ਵਿਧਾਨ ਸਭਾ ਵਿੱਚ ਚੇਅਰ ਦੇ ਸਾਹਮਣੇ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਚੁੱਕਿਆ ਅਤੇ ਸਰਕਾਰ ਦੀ ਅਧਿਆਪਕ ਅਤੇ ਸਿੱਖਿਆ ਨੀਤੀ ਬਾਰੇ ਸਵਾਲ ਪੁੱਛੇ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲਗਭਗ 1800 ਅਧਿਆਪਕਾਂ ਅਤੇ ਹੈੱਡ ਮਾਸਟਰਾਂ ਨੂੰ ਤਰੱਕੀ ਦਿੱਤੀ ਹੈ। ਪਰ ਇਸ ਦੇ ਨਾਲ ਹੀ, ਉਨ੍ਹਾਂ ਦਾ ਤਬਾਦਲਾ ਉਨ੍ਹਾਂ ਦੇ ਜੱਦੀ ਸਥਾਨ ਤੋਂ ਇੰਨਾ ਦੂਰ ਕਰ ਦਿੱਤਾ ਗਿਆ ਹੈ ਕਿ ਉਹ ਖੁਦ ਤਰੱਕੀ ਲੈਣ ਤੋਂ ਇਨਕਾਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸੇ ਕਾਰਨ 600 ਅਧਿਆਪਕਾਂ ਨੇ ਤਰੱਕੀ ਲੈਣ ਤੋਂ ਮਨਾ ਕਰ ਦਿੱਤਾ ਹੈ। ਧਾਲੀਵਾਲ ਨੇ ਕਿਹਾ ਕਿ ਫਗਵਾੜਾ ਹਲਕੇ ਵਿੱਚ 19 ਅਧਿਆਪਕਾਂ ਨੂੰ ਤਰੱਕੀ ਦਿੱਤੀ ਗਈ ਹੈ। ਜਿਨ੍ਹਾਂ ਵਿੱਚੋਂ 16 ਅਧਿਆਪਕ ਦੂਰ-ਦੁਰਾਡੇ ਇਲਾਕਿਆਂ ਵਿੱਚ ਨਿਯੁਕਤੀ ਨਾਲ ਪਰੇਸ਼ਾਨ ਹਨ। ਪੰਜਾਬ ਵਿੱਚ ਕੁੱਲ 460 ਹੈੱਡ ਮਾਸਟਰਾਂ ਨੂੰ ਤਰੱਕੀ ਦਿੱਤੀ ਗਈ ਹੈ। ਸਰਕਾਰ ਦੀ ਵਿਵਾਦਪੂਰਨ ਨੀਤੀ ਕਾਰਨ ਫਗਵਾੜਾ ਖੇਤਰ ਦੇ ਕੁੱਲ 14 ਸਰਕਾਰੀ ਸਕੂਲਾਂ ਵਿੱਚੋਂ 10 ਵਿੱਚ ਹੈੱਡ ਮਾਸਟਰਾਂ ਦੀਆਂ ਅਸਾਮੀਆਂ ਖਾਲੀ ਹੋ ਗਈਆਂ ਹਨ। ਸਰਕਾਰ ਦੇ ਇਰਾਦਿਆਂ 'ਤੇ ਸਵਾਲ ਉਠਾਉਂਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਤਬਾਦਲੇ ਕਰਨੇ ਹੀ ਹਨ ਤਾਂ ਪੰਜਾਹ ਕਿਲੋਮੀਟਰ ਦੇ ਘੇਰੇ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਜਾਣ ਤਾਂ ਜੋ ਅਧਿਆਪਕ ਸ਼ਾਮ ਨੂੰ ਆਪਣੇ ਘਰਾਂ ਨੂੰ ਵਾਪਸ ਆ ਸਕਣ। ਸਰਕਾਰੀ ਨੀਤੀ ਦੀ ਨਖੇਧੀ ਕਰਦਿਆਂ ਧਾਲੀਵਾਲ ਨੇ ਪੁੱਛਿਆ ਕਿ ਸਰਕਾਰੀ ਨੀਤੀ ਅਨੁਸਾਰ ਜਿਨ੍ਹਾਂ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ 300 ਤੋਂ ਘੱਟ ਹੈ, ਉੱਥੇ ਪ੍ਰਿੰਸੀਪਲ ਦਾ ਅਹੁਦਾ ਖਤਮ ਕਰਨਾ ਕਿਸ ਹੱਦ ਤੱਕ ਜਾਇਜ਼ ਹੈ? ਉਨ੍ਹਾਂ ਕਿਹਾ ਕਿ ਖਾਸ ਕਰਕੇ ਮਹਿਲਾ ਅਧਿਆਪਕਾਂ ਲਈ, ਦੂਰ-ਦੁਰਾਡੇ ਥਾਵਾਂ 'ਤੇ ਜਾ ਕੇ ਡਿਊਟੀ ਕਰਨਾ ਬਿਲਕੁਲ ਵੀ ਆਸਾਨ ਨਹੀਂ ਹੈ। ਉਹ ਅਧਿਆਪਕ ਜਿਨ੍ਹਾਂ ਦੇ ਛੋਟੇ ਬੱਚੇ ਹਨ, ਉਹ ਦੂਜੇ ਸ਼ਹਿਰਾਂ ਵਿੱਚ ਰਹਿ ਕੇ ਸਕੂਲਾਂ ਵਿੱਚ ਕਿਵੇਂ ਪੜ੍ਹਾ ਸਕਦੇ ਹਨ? ਬਜ਼ੁਰਗ ਆਪਣੇ ਘਰਾਂ ਵਿੱਚ ਬੱਚਿਆਂ ਦੀ ਦੇਖਭਾਲ ਕਰ ਸਕਦੇ ਹਨ ਪਰ ਇੱਕ ਅਣਜਾਣ ਸ਼ਹਿਰ ਵਿੱਚ ਘਰ ਅਤੇ ਸਕੂਲ ਦੀ ਦੋਹਰੀ ਜ਼ਿੰਮੇਵਾਰੀ ਇਕੱਲੀਆਂ ਔਰਤਾਂ ਕਿਵੇਂ ਨਿਭਾ ਸਕਣਗੀਆਂ? ਦੂਜੇ ਪਾਸੇ, ਜੇਕਰ ਪਰਿਵਾਰ ਦਾ ਇਕਲੌਤਾ ਮਰਦ ਮੈਂਬਰ ਕਿਸੇ ਹੋਰ ਸ਼ਹਿਰ ਵਿੱਚ ਪੜ੍ਹਾਉਣ ਲਈ ਜਾਵੇਗਾ, ਤਾਂ ਐਮਰਜੈਂਸੀ ਦੀ ਸਥਿਤੀ ਵਿੱਚ ਔਰਤਾਂ ਨੂੰ ਬੜੀ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ। ਸਰਕਾਰ ਦੀ ਇਹ ਨੀਤੀ ਅਧਿਆਪਕਾਂ 'ਤੇ ਮਾਨਸਿਕ ਤਣਾਅ ਲਿਆਉਣ ਵਾਲੀ ਹੈ। ਜਿਸ ਕਾਰਨ ਉਹ ਨਾ ਤਾਂ ਸਕੂਲ ਵਿੱਚ ਆਪਣੀਆਂ ਡਿਊਟੀਆਂ ਸਹੀ ਢੰਗ ਨਾਲ ਨਿਭਾ ਸਕਦੇ ਹਨ ਅਤੇ ਨਾ ਹੀ ਆਪਣੀਆਂ ਘਰੇਲੂ ਜ਼ਿੰਮੇਵਾਰੀਆਂ ਪੂਰੀਆਂ ਕਰਨ ਦੇ ਯੋਗ ਰਹਿਣਗੇ।

ਧਾਲੀਵਾਲ ਨੇ ਕਿਹਾ ਕਿ ਜ਼ਿਆਦਾਤਰ ਅਧਿਆਪਕਾਂ ਨੇ ਦੂਰ-ਦੁਰਾਡੇ ਸਕੂਲਾਂ ਡਿਊਟੀ ਜੁਆਇਨ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਜਿਸ ਕਾਰਨ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਹੈ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਬੁਰਾ ਪ੍ਰਭਾਵ ਪੈ ਰਿਹਾ ਹੈ। ਸਕੂਲਾਂ ਵਿੱਚ ਕੁਝ ਦਿਨਾਂ ਵਿੱਚ ਨਵਾਂ ਵਿਦਿਅਕ ਸੈਸ਼ਨ 2025-26 ਸ਼ੁਰੂ ਹੋਣ ਜਾ ਰਿਹਾ ਹੈ। ਇਸ ਲਈ ਭਗਵੰਤ ਮਾਨ ਸਰਕਾਰ ਨੂੰ ਵਿਦਿਆਰਥੀਆਂ ਦੀ ਪੜ੍ਹਾਈ ਦੇ ਨੁਕਸਾਨ ਅਤੇ ਅਧਿਆਪਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ ਅਤੇ ਅਧਿਆਪਕਾਂ ਨੂੰ ਪੰਜਾਹ ਤੋਂ ਸੱਠ ਕਿਲੋਮੀਟਰ ਦੇ ਘੇਰੇ ਵਿੱਚ ਤਬਦੀਲ ਕਰਨ 'ਤੇ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਸਰਕਾਰ ਅਜਿਹਾ ਨਹੀਂ ਕਰਦੀ ਤਾਂ ਇਹ ਸਾਫ ਹੋ ਜਾਵੇਗਾ ਕਿ ਪੰਜਾਬ ਸਰਕਾਰ ਅਧਿਆਪਕਾਂ ਨੂੰ ਤਰੱਕੀ ਦੇਣ ਦਾ ਇਰਾਦਾ ਨਹੀਂ ਰੱਖਦੀ ਬਲਕਿ ਤਰੱਕੀ ਦਾ ਸਬਜਬਾਗ ਦਿਖਾਇਆ ਜਾ ਰਿਹਾ ਹੈ ਤਾਂ ਜੋ ਅਧਿਆਪਕ ਆਪ ਹੀ ਤਰੱਕੀ ਲੈਣ ਤੋਂ ਇਨਕਾਰ ਕਰ ਦੇਣ।

# ਡਿਪਟੀ ਕਮਿਸ਼ਨਰ ਨੇ ਛੋਟੀ ਜਿਹੀ ਬੱਚੀ ਨੂੰ ਆਪਣੀ ਕੁਰਸੀ ਤੇ ਬਿਠਾ ਕੀਤੀ ਹੌਸਲਾ ਅਫਸਾਈ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਸਿੱਖਿਆ ਵਿਭਾਗ ਪੰਜਾਬ ਵਲੋਂ ਜਿਲ੍ਹਾ ਅੰਮ੍ਰਿਤਸਰ ਵਲੋਂ ਦਾਖਲਾ ਮੁਹਿੰਮ ਤਹਿਤ ਕੀਤੀ ਸ਼ੁਰੂਆਤ ਦੌਰਾਨ ਸਰਕਾਰੀ ਐਲੀਮੈਂਟਰੀ ਸਕੂਲ ਪੁਤਲੀਘਰ ਦੀ ਪਹਿਲੀ ਜ਼ਮਾਤ ਦੀ ਵਿਦਿਆਰਥਣ ਆਨਿਆ ਗੌਤਮ ਨੂੰ ਦਾਖਲਾ ਮੁਹਿੰਮ ਤਹਿਤ ਦਿੱਤੀ ਗਈ ਸਪੀਚ ਤੋਂ ਪ੍ਰਭਾਵਿਤ ਹੋ ਕੇ ਅੱਜ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਆਪਣੇ ਦਫ਼ਤਰ ਵਿੱਖੇ ਬੱਚੀ ਨੂੰ ਸਨਮਾਨਿਤ ਕੀਤਾ ਅਤੇ ਉਸ ਨੂੰ ਆਪਣੀ ਕੁਰਸੀ ਤੇ ਬਿਠਾਇਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਛੋਈ ਜਿਹੀ ਬੱਚੀ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਨਾ ਵਾਕਿਆ ਹੀ ਮਾਣ ਵਾਲੀ ਗੱਲ ਹੈ। ਡਿਪਟੀ ਕਮਿਸ਼ਨਰ ਵਲੋਂ ਬੱਚੀ ਦੀ ਹੌਸਲਾ ਅਫਜ਼ਾਈ ਵੀ ਕੀਤੀ ਗਈ ਅਤੇ ਉਸਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਕੰਵਲਜੀਤ ਸਿੰਘ ਬੀ.ਈ.ਈ.ਓ.ਦਿਲਬਾਗ ਸਿੰਘ,ਹੈਡ ਟੀਚਰ ਮਿਸ: ਮਿਨੀ ਸ਼ਰਮਾ ਅਤੇ ਹੈਡ ਟੀਚਰ ਰਣਜੀਤ ਸਿੰਘ ਵੀ ਹਾਜ਼ਰ ਸਨ। ਹਾਜ਼ਰ ਮਹਿਮਾਨਾਂ ਵਲੋਂ ਡਿਪਟੀ ਕਮਿਸ਼ਨਰ ਦਾ ਇਸ ਬੱਚੀ ਨੂੰ ਸਨਮਾਨਿਤ ਕਰਨ ਤੇ ਧੰਨਵਾਦ ਵੀ ਕੀਤਾ ਗਿਆ।

# ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਜੀਦੋਵਾਲ ਵਿਖੇ ਐਫ. ਐਲ.ਐਨ. ਮੇਲਾ ਲਗਾਇਆ




ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਵਜੀਦੋਵਾਲ ਤਹਿਸੀਲ ਫਗਵਾੜਾ ਵਿਖੇ ਅੱਜ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਫ.ਐਲ.ਐਨ. ਮੇਲਾ ਸਕੂਲ ਇੰਚਾਰਜ ਨੀਨਾ ਬਨਿਆਲ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਦੌਰਾਨ ਬੱਚਿਆਂ ਦੇ ਮੁਲਾਂਕਣ ਕਾਰਡ, ਰਚਨਾਤਮਕ ਵਿਕਾਸ, ਸਮਾਜਿਕ ਤੇ ਭਾਵਨਾਤਮਕ ਵਿਕਾਸ ਨਾਲ ਸਬੰਧਤ ਸਟਾਲ ਲਗਾਏ ਗਏ ਸਨ। ਬੱਚਿਆਂ ਦੀਆਂ ਪਜਲ ਖੇਡਾਂ ਵੀ ਕਰਵਾਈਆਂ ਗਈਆਂ। ਜਿਸ ਵਿਚ ਬੱਚਿਆਂ ਦੇ ਮਾਪਿਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸਰਪੰਚ ਰਿੰਪਲ ਕੁਮਾਰ ਵਜੀਦੋਵਾਲ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰੀਰਕ ਅਤੇ ਬੋਧਿਕ ਵਿਕਾਸ ਵਿਚ ਬਹੁਤ ਸਹਾਇਕ ਹੁੰਦੀਆਂ ਹਨ। ਉਹਨਾਂ ਨੇ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦਾ ਦਾਖਲਾ ਸਰਕਾਰੀ ਸਕੂਲਾਂ ਵਿਚ ਕਰਵਾਉਣ ਤਾਂ ਜੋ ਉਹਨਾਂ ਨੂੰ ਸਿੱਖਿਆ ਵਿਭਾਗ ਵਲੋਂ ਮਿਲਦੀਆਂ ਸਹੂਲਤਾਂ ਦਾ ਪੂਰਾ ਲਾਭ ਪ੍ਰਾਪਤ ਹੋ ਸਕੇ। ਸਕੂਲ ਇੰਚਾਰਜ ਨੀਨਾ ਬਨਿਆਲ ਨੇ ਦੱਸਿਆ ਕਿ ਉਕਤ ਮੇਲੇ ਦਾ ਉਦੇਸ਼ ਬੱਚਿਆਂ ਨੂੰ ਬੁਨਿਯਾਦੀ ਸਿੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਹੈ ਤਾਂ ਕਿ ਵਿਦਿਆਰਥੀ ਬੁਨਿਯਾਦੀ ਸਿੱਖਿਆ ਵਿਚ ਮਹਾਰਤ ਹਾਸਲ ਕਰ ਸਕਣ। ਇਸ ਮੌਕੇ ਸਕੂਲੀ ਵਿਦਿਆਰਥੀਆਂ ਤੋਂ ਇਲਾਵਾ ਪੰਡਿਤ ਅਸ਼ੋਕ ਕੁਮਾਰ, ਗੌਰਵ ਸ਼ਰਮਾ ਸਾਬਕਾ ਪੰਚ, ਰਾਕੇਸ਼ ਕੁਮਾਰ ਢੰਡਾ, ਸੋਨੀਆ ਸ਼ਰਮਾ, ਭਾਵਨਾ ਸ਼ਰਮਾ, ਸੁਨੀਤਾ ਕੁਮਾਰੀ, ਪੁਸ਼ਪਾ ਦੇਵੀ ਆਂਗਨਬਾੜੀ ਵਰਕਰ, ਲਕਸ਼ਮੀ ਦੇਵੀ, ਸਰੋਜ ਰਾਣੀ, ਮਨਜੀਤ ਰਾਣੀ, ਬਲਿਹਾਰ ਲਾਲ, ਗੁਰਪ੍ਰੀਤ ਕੌਰ, ਬਲਵਿੰਦਰ ਕੌਰ ਆਦਿ ਹਾਜਰ ਸਨ।

# ਅਨਿਲ ਦੁੱਗਲ ਦੇ ਪਰਿਵਾਰ ਨੇ ਕੀਤਾ ਚੌਥੀ ਪ੍ਰਭਾਤ ਫੇਰੀ ਦਾ ਜੋਰਦਾਰ ਸਵਾਗਤ



ਫਗਵਾੜਾ ( ਸੁਸ਼ੀਲ ਸ਼ਰਮਾ ) ਜਠੇਰੇ ਦੁੱਗਲਾਂ ਵੈਲਫੇਅਰ ਸੁਸਾਇਟੀ (ਰਜਿ.) ਹਦੀਆਬਾਦ ਫਗਵਾੜਾ ਵੱਲੋਂ ਸ਼ੁੱਕਰਵਾਰ 28 ਮਾਰਚ ਨੂੰ ਕਰਵਾਏ ਜਾ ਰਹੇ ਸਾਲਾਨਾ ਪਿਤਰ ਪੂਜਨ ਸੰਮੇਲਨ ਦੇ ਸਬੰਧ ਵਿੱਚ ਅੱਜ ਚੌਥੀ ਪ੍ਰਭਾਤ ਫੇਰੀ ਕੱਢੀ ਗਈ। ਜੋ ਕਿ ਦੁੱਗਲਾਂ ਜਠੇਰੇ ਹਦੀਆਬਾਦ ਤੋਂ ਸ਼ੁਰੂ ਹੋ ਕੇ ਲਲਿਤ ਦੁੱਗਲ ਦੇ ਗ੍ਰਹਿ ਵਿਖੇ ਪੁੱਜੀ। ਜਿੱਥੇ ਪ੍ਰਭਾਤ ਫੇਰੀ ਦਾ ਲਲਿਤ ਦੁੱਗਲ ਦੇ ਸਮੁੱਚੇ ਪਰਿਵਾਰ ਵਲੋਂ ਖੇਤਰ ਦੇ ਵਸਨੀਕਾਂ ਦੇ ਸਹਿਯੋਗ ਨਾਲ ਜੋਰਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਸੰਗਤਾਂ ਨੇ ਭਗਤੀ ਗੀਤ ਅਤੇ ਕੀਰਤਨ ਨਾਲ ਪੁਰਖਿਆਂ ਦੀ ਮਹਿਮਾ ਦਾ ਗੁਣਗਾਨ ਕੀਤਾ। ਅਖੀਰ ਵਿਚ ਪ੍ਰਸ਼ਾਦ ਵੰਡਿਆ ਗਿਆ। ਸੁਸਾਇਟੀ ਦੇ ਪ੍ਰਧਾਨ ਜੈ ਦੇਵ ਦੁੱਗਲ ਨੇ ਦੱਸਿਆ ਕਿ 28 ਮਾਰਚ ਨੂੰ ਸਵੇਰੇ ਹਵਨ ਯੱਗ ਤੋਂ ਬਾਅਦ, ਸ਼੍ਰੀ ਰਾਮਾਇਣ ਪਾਠ ਦਾ ਭੋਗ, ਬਜ਼ੁਰਗਾਂ ਦਾ ਸਨਮਾਨ ਅਤੇ ਅਖੀਰ 'ਚ ਭੰਡਾਰੇ ਨਾਲ ਸਲਾਨਾ ਸਮਾਗਮ ਦੀ ਸਮਾਪਤੀ ਹੋਵੇਗੀ। ਇਸ ਮੌਕੇ ਸੁਨੀਲ ਦੁੱਗਲ, ਅਨੂਪ ਦੁੱਗਲ, ਸੌਰਵ ਦੁੱਗਲ, ਆਚਾਰੀਆ ਅਨਿਲ ਭਾਰਦਵਾਜ, ਪੰਡਿਤ ਸੰਦੀਪ ਭਾਰਦਵਾਜ, ਰਵੀ ਮੰਗਲ, ਨਰਿੰਦਰ ਬਿੱਲਾ, ਸੰਜੇ ਦੁੱਗਲ, ਰਾਕੇਸ਼ ਦੁੱਗਲ, ਕਮਲੇਸ਼ ਵਿਜ, ਸੁਮਨ ਦੁੱਗਲ, ਪੁਸ਼ਪਾ ਭਾਰਦਵਾਜ, ਵੈਭਵ ਦੁੱਗਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਬਾਬਾ ਬਾਲਕ ਨਾਥ ਧਾਮ ਦੇ ਮੇਲੇ 'ਤੇ ਲਾਇਨ ਗੁਰਦੀਪ ਸਿੰਘ ਕੰਗ ਅਤੇ ਪਰਿਵਾਰ ਨੇ ਸ਼ਰਧਾਲੂਆਂ ਨੂੰ ਵੰਡਿਆ ਜੂਸ



ਫਗਵਾੜਾ, ( ਸੁਸ਼ੀਲ ਸ਼ਰਮਾ ) ਸਿੱਧ ਬਾਬਾ ਬਾਲਕ ਨਾਥ ਧਾਮ (ਹਿਮਾਚਲ ਪ੍ਰਦੇਸ਼) ਵਿਖੇ ਜਾਰੀ ਚੇਤ ਮਹੀਨੇ ਦੇ ਸਾਲਾਨਾ ਮੇਲੇ ਵਿੱਚ ਬਾਬਾ ਜੀ ਦੇ ਦਰਸ਼ਨਾਂ ਲਈ ਫਗਵਾੜਾ ਦੇ ਖੇੜਾ ਰੋਡ ਸਥਿਤ ਸ਼੍ਰੀ ਕ੍ਰਿਸ਼ਨ ਧਾਮ ਮੰਦਿਰ ਤੋਂ ਮਹੰਤ ਬ੍ਰਿਜ ਕੁਮਾਰ ਭਾਰਦਵਾਜ ਦੀ ਅਗਵਾਈ ਹੇਠ 71ਵੀਂ ਯਾਤਰਾ ਪਵਿੱਤਰ ਗੁਫਾ ਦੇ ਦਰਸ਼ਨ ਕਰਨ ਤੋਂ ਬਾਅਦ ਫਗਵਾੜਾ ਵਾਪਸ ਪਰਤ ਆਈ ਹੈ। ਯਾਤਰਾ ਦੌਰਾਨ ਸ਼ਾਹਤਲਾਈ ਤੋਂ ਬਾਬਾ ਜੀ ਦੀ ਗੁਫਾ ਤੱਕ ਦੇ ਰਸਤੇ ਵਿੱਚ ਹਿਊਮਨ ਰਾਈਟਸ ਕੌਂਸਲ (ਇੰਡੀਆ) ਫਗਵਾੜਾ ਸ਼ਾਖਾ ਦੇ ਪ੍ਰਧਾਨ ਅਤੇ ਬਾਬਾ ਜੀ ਦੇ ਪਰਮ ਭਗਤ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸ਼ਰਧਾਲੂਆਂ ਨੂੰ ਕਈ ਤਰ੍ਹਾਂ ਦੇ ਜੂਸ ਪਰੋਸੇ ਗਏ। ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਮੇਲੇ ਦੇ ਦਿਨਾਂ ਵਿੱਚ ਸ਼ਰਧਾਲੂਆਂ ਦੀ ਭਾਰੀ ਭੀੜ ਹੁੰਦੀ ਹੈ ਅਤੇ ਦਿਨ ਵੇਲੇ ਗਰਮੀ ਵੀ ਵੱਧ ਜਾਂਦੀ ਹੈ, ਇਸ ਲਈ ਉਹ ਹਰ ਸਾਲ ਯਾਤਰੀਆਂ ਦੀ ਸਹੂਲਤ ਲਈ ਪੀਣ ਲਈ ਠੰਡੇ ਪਦਾਰਥ ਅਤੇ ਖਾਣ-ਪੀਣ ਦੀਆਂ ਚੀਜ਼ਾਂ ਦੀ ਸੇਵਾ ਕਰਦੇ ਹਨ। ਪੂਰੀ ਯਾਤਰਾ ਦੌਰਾਨ ਬਾਬਾ ਜੀ ਦੀ ਚੌਕੀ ਵੀ ਹਰ ਰਾਤ ਹੁੰਦੀ ਹੈ। ਜਿਸ ਵਿੱਚ ਸ਼ਰਧਾਲੂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰਦੇ ਹਨ। ਭੰਡਾਰੇ ਦੀ ਸੇਵਾ ਵੀ ਸੁਚਾਰੂ ਢੰਗ ਨਾਲ ਚੱਲਦੀ ਹੈ। ਇਸ ਦੌਰਾਨ ਮੰਦਿਰ ਦੇ ਮਹੰਤ ਬ੍ਰਿਜ ਕੁਮਾਰ ਭਾਰਦਵਾਜ ਨੇ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦੇ ਪਰਿਵਾਰ ਦਾ ਯਾਤਰਾ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਯਾਤਰਾ ਵਿੱਚ ਕਮਲਜੀਤ ਕੌਰ ਕੰਗ, ਮੋਨਿਕਾ ਕੰਗ, ਪ੍ਰਣਬ ਕੰਗ, ਸ਼ਸ਼ੀ ਭਾਰਦਵਾਜ, ਸ਼ਿਵਾਨੀ ਭਾਰਦਵਾਜ, ਰਾਜਕੁਮਾਰ ਰਾਜੂ, ਰਾਕੇਸ਼ ਕੁਮਾਰ, ਲਾਲ ਚੰਦ, ਮੋਤੀ ਲਾਲ, ਹਰਦੀਪ ਕੁਮਾਰ, ਬਲਵਿੰਦਰ ਦਾਰਾ, ਨੀਰਜ ਕੁਮਾਰ, ਵਿੱਕੀ, ਦਮਨ ਕੰਬੋਜ, ਅਨਿਲ ਚੌਧਰੀ, ਲਾਡੀ ਬਸੰਤ ਨਾਗਰ ਆਦਿ ਸ਼ਾਮਲ ਸਨ।

# 31 ਮਾਰਚ ਤੱਕ ਰਾਸ਼ਨ ਕਾਰਡ ਦੀ ਈ-ਕੇ.ਵਾਈ.ਸੀ. ਕਰਵਾਉਣੀ ਜ਼ਰੂਰੀ, ਨਹੀਂ ਤਾਂ ਬੰਦ ਹੋ ਸਕਦੈ ਰਾਸ਼ਨ



ਦੀਨਾਨਗਰ, ਗੁਰਦਾਸਪੁਰ ( ਡਾ.ਰਮੇਸ਼ ਸਰੰਗਲ ) – ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ, ਭਾਰਤ ਸਰਕਾਰ ਵੱਲੋਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ-2013 ਤਹਿਤ ਰਾਸ਼ਨ ਦਾ ਲਾਭ ਲੈ ਰਹੇ ਲਾਭਪਾਤਰੀਆਂ ਦੀ 31 ਮਾਰਚ 2025 ਤੱਕ ਸੌ ਫ਼ੀਸਦੀ ਈ-ਕੇ.ਵਾਈ. ਸੀ. ਕਰਨ ਬਾਰੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਸ੍ਰੀ ਸੁਖਜਿੰਦਰ ਸਿੰਘ, ਜ਼ਿਲ੍ਹਾ ਕੰਟਰੋਲਰ ਖ਼ੁਰਾਕ ਅਤੇ ਸਪਲਾਈਜ਼ ਕੰਟਰੋਲਰ ਗੁਰਦਾਸਪੁਰ ਨੇ ਦੱਸਿਆ ਹੈ ਕਿ ਇਸ ਸਬੰਧ ਵਿੱਚ ਪੰਜਾਬ ਰਾਜ ਵਿੱਚ ਪਿਛਲੇ ਲਗਭਗ ਇੱਕ ਸਾਲ ਤੋਂ ਲਾਭਪਾਤਰੀਆਂ ਦੀ ਡਿਪੂ ਹੋਲਡਰਾਂ ਵੱਲੋਂ ਈ-ਪੋਸ਼ ਮਸ਼ੀਨਾਂ ਤੇ ਲਾਭਪਾਤਰੀ ਦੇ ਫਿੰਗਰ ਪ੍ਰਿੰਟ ਲੈ ਕੇ ਈ-ਕੇ.ਵਾਈ.ਸੀ. ਕੀਤੀ ਜਾ ਰਹੀ ਹੈ, ਪ੍ਰੰਤੂ ਅਜੇ ਤੱਕ ਵੀ ਬਹੁਤ ਸਾਰੇ ਲਾਭਪਾਤਰੀਆਂ ਵੱਲੋਂ ਆਪਣੀ ਈ-ਕੇ.ਵਾਈ.ਸੀ. ਨਹੀਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਜਿਹੜੇ ਲਾਭਪਾਤਰੀ 31 ਮਾਰਚ 2025 ਤੱਕ ਆਪਣੀ ਈ-ਕੇ.ਵਾਈ.ਸੀ ਨਹੀਂ ਕਰਵਾਉਂਦੇ, ਉਨ੍ਹਾਂ ਦਾ ਰਾਸ਼ਨ ਮੁਅੱਤਲ ਕੀਤਾ ਜਾ ਸਕਦਾ ਹੈ। ਇਸ ਲਈ ਸਾਰੇ ਲਾਭਪਾਤਰੀ 31 ਮਾਰਚ 2025 ਤੋਂ ਪਹਿਲਾਂ-ਪਹਿਲਾਂ ਆਪਣੇ ਨੇੜੇ ਦੇ ਕਿਸੇ ਵੀ ਰਾਸ਼ਨ ਡਿਪੂ ਤੇ ਆਪਣਾ ਅਧਾਰ ਕਾਰਡ ਨਾਲ ਲੈ ਕੇ ਈ-ਪੋਸ਼ ਮਸ਼ੀਨ ਤੇ ਫਿੰਗਰ ਪ੍ਰਿੰਟ ਲਗਾ ਕੇ ਆਪਣੀ ਈ-ਕੇ. ਵਾਈ.ਸੀ. ਕਰਵਾਉਣ ਨੂੰ ਯਕੀਨੀ ਬਣਾਉਣ ਤਾਂ ਕਿ ਉਨ੍ਹਾਂ ਨੂੰ ਭਵਿੱਖ ਵਿੱਚ ਰਾਸ਼ਨ ਲੈਣ ਵਿੱਚ ਕੋਈ ਵੀ ਮੁਸ਼ਕਿਲ ਨਾ ਆਵੇ।

ਡੀ.ਐੱਫ.ਐੱਸ.ਸੀ. ਸ੍ਰੀ ਸੁਖਜਿੰਦਰ ਸਿੰਘ ਨੇ ਕਿਹਾ ਕਿ ਇਸ ਸਬੰਧੀ ਸਾਰੇ ਸਹਾਇਕ ਖੁਰਾਕ ਅਤੇ ਸਪਲਾਈਜ਼ ਅਫ਼ਸਰਾਂ ਅਤੇ ਖੇਤਰੀ ਅਮਲੇ ਨੂੰ ਮੀਟਿੰਗ ਕਰਕੇ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਆਪਣੇ-ਆਪਣੇ ਏਰੀਏ ਦੇ ਰਾਜਨੀਤਿਕ ਅਤੇ ਮੁਹਤਬਰ ਲੋਕਾਂ, ਪਿੰਡਾਂ ਦੇ ਸਰਪੰਚਾਂ, ਕੌਂਸਲਰਾਂ ਆਦਿ ਨੂੰ ਇਸ ਸਬੰਧੀ ਜਗਰੂਕ ਕਰਦੇ ਹੋਏ ਲਾਭਪਾਤਰੀਆਂ ਦੀ ਸਤ ਫ਼ੀਸਦੀ ਈ-ਕੇ. ਵਾਈ.ਸੀ. ਕਰਵਾਉਣੀ ਯਕੀਨੀ ਬਣਾਈ ਜਾਵੇ।

# ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਤਾਬਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ



ਫਗਵਾੜਾ (ਸੁਸ਼ੀਲ ਸ਼ਰਮਾ) ਸਮੂਹ ਸਾਧ ਸੰਗਤ ਫਗਵਾੜਾ ਇਲਾਕਾ ਨਿਵਾਸੀਆਂ ਵਲੋਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਤਾਬਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਬਰਸੀ ਸਬੰਧੀ ਸ੍ਰੀਮਾਨ 108 ਸੰਤ ਬਾਬਾ ਬਸੰਤ ਸਿੰਘ ਜੀ,ਸ੍ਰੀਮਾਨ 108 ਸੰਤ ਬਾਬਾ ਗਿਆਨ ਸਿੰਘ ਜੀ,ਸ੍ਰੀਮਾਨ 108 ਸੰਤ ਬਾਬਾ ਹਰਭਜਨ ਸਿੰਘ (ਵਿਰੱਕਤ) ਨਿਰਮਲ ਕੁੱਟੀਆ ਜੌਹਲਾਂ ਸੰਪਰਦਾਇ ਹੋਤੀ ਮਰਦਾਨ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ,ਮਾਡਲ ਟਾਊਨ ਫਗਵਾੜਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਗਿਆਲ ਇਸ ਮੌਕੇ ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਜਿਸ ਵਿੱਚ ਨਿਰਮਲ ਕੁੱਟੀਆ ਜੌਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਜੀ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਇਸ ਮੌਕੇ ਸੰਗਤਾਂ ਨਾਲ ਪ੍ਰਵਚਨਾਂ ਦੀ ਸਾਂਝ ਪਾਈ,ਉਨ੍ਹਾਂ ਇਸ ਮੌਕੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਤਾਬਦੀ ਸ਼ਹੀਦੀ ਦਿਹਾੜੇ ਸਬੰਧੀ ਗੁਰੂ ਸਾਹਿਬ ਦਾ ਇਤਿਹਾਸ ਸਰਵਣ ਕਰਵਾਇਆ ਅਤੇ ਸੰਗਤਾਂ ਨੂੰ ਅੰਮ੍ਰਿਤ ਪਾਨ ਕਰਕੇ ਗੁਰੂ ਦੇ ਲੜ ਲੱਗ ਕੇ ਆਪਣਾ ਜੀਵਨ ਸਫਲ ਕਰਨ ਲਈ ਕਿਹਾ,ਫਗਵਾੜਾ ਦੀਆਂ ਸਮੂਹ ਸੰਗਤਾਂ ਦਾ ਸਮਾਗਮ ਕਰਵਾਉਣ ਲਈ ਧੰਨਵਾਦ ਕੀਤਾ ਅਤੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਫਗਵਾੜੇ ਦੀਆਂ ਸੰਗਤਾਂ ਵਲੋਂ ਨਿਰਮਲ ਕੁੱਟੀਆ ਜੌਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਜੀ ਨੂੰ ਸਿਰੋਪਾ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਭਾਈ ਭੁਪਿੰਦਰ ਸਿੰਘ ਜਲੰਧਰ ਵਾਲੇ,ਨਿਰਮਲ ਕੁੱਟੀਆ ਜੌਹਲਾਂ ਦਾ ਜਥਾ,ਭਾਈ ਅਜਾਇਬ ਸਿੰਘ ਇੰਗਲੈਂਡ ਵਾਲੇ,ਪੈਲੀ ਵਾਲਿਆ ਦਾ ਪੰਥਕ ਜਥਾ ਭਾਈ ਸੁਰਿੰਦਰ ਸਿੰਘ ਖਾਲਸਾ,ਮਨਪ੍ਰੀਤ ਸਿੰਘ ਪੈਲੀ,ਭਾਈ ਅਜੀਤ,ਭਾਈ ਮਨਜੀਤ ਸਿੰਘ ਪੈਲੀ ਵਾਲੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ।ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਸਮਾਗਮ ਦੇ ਅੰਤ ਵਿੱਚ ਰਾਗੀ/ਢਾਡੀ ਜਥਿਆ,ਪੱਤਰਕਾਰਾਂ ਅਤੇ ਸਮਾਗਮ ਦੇ ਸਹਿਯੋਗੀਆ ਦਾ ਨਿਰਮਲ ਕੁੱਟੀਆ ਜੌਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਜੀ ਨੇ ਸਿਰੋਪੇ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ.ਬਲਵਿੰਦਰ ਸਿੰਘ ਧਾਲੀਵਾਲ ਐਮ.ਐਲ.ਏ ਫਗਵਾੜਾ,ਪਰਮਜੀਤ ਸਿੰਘ ਖੁਰਾਣਾ,ਹਰਜਿੰਦਰ ਸਿੰਘ ਖਾਲਸਾ,ਭੁਪਿੰਦਰ ਸਿੰਘ ਭੁੱਲਾਰਾਈ,ਜਤਿੰਦਰ ਸਿੰਘ ਖਾਲਸਾ,ਜਗਜੀਤ ਸਿੰਘ ਸੋਢੀ,ਹਰਮੇਲ ਸਿੰਘ,ਆਜਾਦ ਸਿੰਘ, ਸੁਰਿੰਦਰ ਸਿੰਘ,ਪਾਲ ਸਿੰਘ,ਦਾਰਾ ਸਿੰਘ,ਗਜਵੀਰ ਸਿੰਘ ਵਾਲੀਆ, ਬਹਾਦਰ ਸਿੰਘ ਸੰਗਤਪੁਰ,ਬਲਜਿੰਦਰ ਸਿੰਘ ਠੇਕੇਦਾਰ,ਬਲਵਿੰਦਰ ਸਿੰਘ ਘੇੜਾ,ਅਰਵਿੰਦਰ ਸਿੰਘ ਨੀਟਾ,ਤਰਨਜੀਤ ਸਿੰਘ ਬੰਟੀ ਵਾਲੀਆ,ਜਸਪਾਲ ਸਿੰਘ ਖੰਗੂੜਾ, ਆਦਿ ਹਾਜ਼ਰ ਸਨ।

# ਕਾਨਪੁਰ ਚ ਕੈਫ ਸੈਫ ਦੇ ਰੋਜ਼ਾ ਇਫਤਾਰ ਚ ਚੇਅਰਮੈਨ ਵਿਜੇ ਕਪੂਰ ਸਮੇਤ ਕਈ ਮਸ਼ਹੂਰ ਹਸਤੀਆਂ ਨੇ ਸ਼ਿਰਕਤ ਕੀਤੀ।



ਸੁਨੀਲ ਬਾਜਪਾਈ ਕਾਨਪੁਰ। ( ਸੁਨੀਲ ਬਾਜਪਾਈ) ਇੱਥੇ ਐਡਵੋਕੇਟ ਚਿੰਤਕ ਮੰਚ ਦੀ ਅਗਵਾਈ ਹੇਠ ਗ੍ਰੈਂਡ ਰੋਜ਼ਾ ਇਫਤਾਰ ਦਾ ਆਯੋਜਨ ਕੀਤਾ ਗਿਆ ਕੀਤਾ ਜਾਣਾ ਹੈ। ਕੌਪੇ ਸਟੇਟ ਦਾਦਾ ਨਗਰ ਦੇ ਚੇਅਰਮੈਨ ਵਿਜੇ ਕਪੂਰ ਨੇ ਵੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਵਿਧਾਇਕ ਨਸੀਮ ਸੋਲੰਕੀ, ਵਿਧਾਇਕ ਹਸਨ ਰੂਮੀ, ਸਾਬਕਾ ਵਿਧਾਇਕ ਰਘੂਨੰਦਨ ਸਿੰਘ ਭਦੌਰੀਆ ਦੇ ਨਾਲ-ਨਾਲ ਰੀਜੇਂਟਾ ਗਰੁੱਪ ਆਫ਼ ਹੋਟਲਜ਼ ਦੇ ਸੀਐਮਡੀ ਸੇਠੀ ਜੀ, ਵਕੀਲ ਵਿਚਾਰ ਮੰਚ ਦੇ ਕੌਮੀ ਜਨਰਲ ਸਕੱਤਰ ਹਾਜੀ ਮੋਨੂੰ ਰੰਗਰੇਜ਼ ਨੇ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਸਾਰੇ ਮਹਿਮਾਨਾਂ ਦਾ ਸਵਾਗਤ ਇਸਤਾਕਬਾਲ ਬਿਹਾਰੀ ਟੈਨਰੀ ਦੇ ਮਾਲਕ ਮੁੰਨੂ ਬਿਹਾਰੀ ਨੇ ਕੀਤਾ। ਇਸ ਮੌਕੇ ਵਰਤ ਅਤੇ ਇਫਤਾਰ ਉਪਰੰਤ ਸਮੂਹ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਐਡਵੋਕੇਟਸ ਥਿੰਕ ਟੈਂਕ ਫੋਰਮ ਦੇ ਪ੍ਰਧਾਨ ਸੈਫ ਮੁਹੰਮਦ ਖਾਨ ਐਡਵੋਕੇਟ ਨੇ ਕੀਤੀ। ਇਸ ਸਮਾਗਮ ਵਿੱਚ ਐਡਵੋਕੇਟ ਕੈਫ਼ ਮੁਹੰਮਦ ਖ਼ਾਨ, ਡਾ: ਨਿਸਾਰ ਅਹਿਮਦ ਸਿੱਦੀਕੀ, ਅੰਸ਼ ਠਾਕੁਰ, ਨੌਸ਼ਾਦ ਅਲੀ, ਬਲਜੀਤ ਯਾਦਵ, ਸਾਗਰ ਸਿੰਘ, ਸੋਨੂੰ ਰੰਗਰੇਜ਼ ਸਮੇਤ ਦਰਜਨਾਂ ਲੋਕਾਂ ਨੇ ਰੋਜ਼ਾ ਇਫ਼ਤਾਰ ਵੀ ਮਨਾਈ।

# ਨਸ਼ਾ ਤਸਕਰ ਅਨਵਰ ਗਿਲ ਤੇ ਅਭੀ ਦੇ ਘਰ ਉੱਪਰ ਜ਼ਿਲ ਪ੍ਰਸ਼ਾਸਨ ਦੀ ਡਿੱਚ ਮਸ਼ੀਨ ਦਾ ਚੱਲਿਆ ਪੀਲਾ ਪੰਜਾ




ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੇ ਗਏ ਯੁੱਧ ਵਿੱਚ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਜਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੇ ਨਸ਼ਾ ਤਸਕਰ ਅਨਵਰ ਗਿੱਲ ਅਤੇ ਅਭੀ ਵਾਸੀ ਪਿੰਡ ਗੁਮਟਾਲਾ ਥਾਣਾ ਕੰਟੋਨਮੈਂਟ ਦਾ ਘਰ ਜੇ ਸੀ ਬੀ ਮਸ਼ੀਨ ਅਤੇ ਮਜ਼ਦੂਰ ਲਗਾ ਕੇ ਮਲੀਆਮੇਟ ਕਰ ਦਿੱਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਦੇ ਖਿਲਾਫ ਵੱਖ-ਵੱਖ ਥਾਣਿਆਂ ਵਿੱਚ ਪੰਜ ਮੁਕਦਮੇ ਦਰਜ ਹਨ। ਜਿਨਾਂ ਵਿੱਚੋਂ ਐਨ.ਡੀ.ਪੀ.ਐਸ.ਐਕਟ ਅਤੇ ਆਰਮਜ਼ ਐਕਟ ਦਾ ਮੁਕਦਮਾ ਵੀ ਹੈ। ਉਹਨਾਂ ਕਿਹਾ ਕਿ ਇਸ ਉੱਤੇ ਲੱਗੀਆਂ ਇਹ ਧਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿੱਚ ਲੰਮੇ ਸਮੇਂ ਤੋਂ ਸ਼ਾਮਿਲ ਹੈ ਅਤੇ ਇਸ ਸਮੇ ਵੀ ਜੇਲ੍ਹ ਵਿਚ ਹਨ। ਉਨਾਂ ਦੱਸਿਆ ਕਿ ਅਨਵਰ ਗਿਲ ਉਰਫ ਰਿੰਕੂ ਅਤੇ ਅਭੀ ਦੋਂਵੇਂ ਚਚੇਰੇ ਭਰਾ ਹਨ ਅਤੇ ਇਕੋ ਹੀ ਮਕਾਨ ਵਿਚ ਰਹਿੰਦੇ ਹਨ।ਉਨਾਂ ਦੱਸਿਆ ਕਿ ਅਨਵਰ ਗਿਲ ਤੇ 5 ਮੁਕੱਦਮੇ ਦਰਜ਼ ਹਨ ਜਦਕਿ ਅਭੀ ਤੇ ਇਕ ਐਨ.ਡੀ.ਪੀ.ਐਸ.ਐਕਟ ਅਤੇ ਇਕ ਆਰਮਜ਼ ਐਕਟ ਦਾ ਮੁਕੱਦਮਾ ਦਰਜ ਹੈ।

ਉਹਨਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵੀ ਵਿਅਕਤੀ ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਵਿੱਚ ਸ਼ਾਮਿਲ ਹੈ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਇਹ ਕਾਰਵਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਗਲਤ ਕੰਮ ਕਰਨ ਵਾਲੇ ਲੋਕ ਮੁੱਖ ਧਾਰਾ ਵਿੱਚ ਆ ਨਹੀਂ ਜਾਂਦੇ ਜਾਂ ਉਹ ਪੰਜਾਬ ਛੱਡ ਕੇ ਪੰਜਾਬ ਤੋਂ ਬਾਹਰ ਚਲੇ ਨਹੀਂ ਜਾਂਦੇ। ਉਹਨਾਂ ਕਿਹਾ ਕਿ ਸਾਡੇ ਲਈ ਸਾਡੇ ਬੱਚੇ,ਸਾਡੀ ਜਵਾਨੀ ਨੂੰ ਸੰਭਾਲਣਾ ਬੇਹੱਦ ਜਰੂਰੀ ਹੈ,ਜੋ ਕਿ ਇਹਨਾਂ ਤਸਕਰਾਂ ਤੀਆਂ ਘਟੀਆ ਕਰਤੂਤਾਂ ਕਾਰਨ ਨਸ਼ੇ ਦੀ ਚੇਟਕ ਨਾਲ ਆਪਣਾ ਜੀਵਨ ਤਬਾਹ ਕਰ ਲੈਂਦੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀ.ਜੀ.ਪੀ.ਗੌਰਵ ਯਾਦਵ ਵੱਲੋਂ ਇਸ ਬਾਬਤ ਬੜੀਆਂ ਸਪਸ਼ਟ ਹਦਾਇਤਾਂ ਹਨ ਕਿ ਜੋ ਵੀ ਵਿਅਕਤੀ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਿਲ ਹੈ,ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਡੀ.ਸੀ.ਪੀ.ਆਲਮ ਵਿਜੇ ਸਿੰਘ, ਸ਼ਿਵਦਰਸ਼ਨ ਸਿੰਘ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀ ਵੀ ਮੌਕੇ ਉੱਤੇ ਹਾਜ਼ਰ ਸਨ।

# ਵਿਸ਼ਵ ਟੀ.ਬੀ. ਦਿਵਸ ਮੌਕੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ




ਅੰਮ੍ਰਿਤਸਰ(ਲੋਕ ਬਾਣੀ ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅਮ੍ਰਿਤਸਰ ਡਾ.ਕਿਰਨਦੀਪ ਕੌਰ ਜੀ ਵੱਲੋਂ ਟੀ.ਬੀ ਹਸਪਤਾਲ ਅੰਮ੍ਰਿਤਸਰ ਵਿਖੇ ਵਿਸ਼ਵ ਟੀ.ਬੀ. ਦਿਵਸ ਮੌਕੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਡਾ.ਕਿਰਨਦੀਪ ਕੌਰ ਨੇ ਕਿਹਾ ਕਿ ਟਿਉਬਰ-ਕਯਲੋਸਿਸ (ਟੀ.ਬੀ.) ਮਾਈਕ੍ਰੋ-ਬੈਕਟੀਰੀਆ ਤੋਂ ਹੋਣ ਵਾਲੀ ਭਿਆਨਕ ਬੀਮਾਰੀ ਹੈ ਜੋ ਕਿ ਸ਼ਰੀਰ ਦੇ ਕਿਸੇ ਵੀ ਹਿੱਸੇ ਵਿਚ ਹੋ ਸਕਦੀ ਹੈ, ਪਰ ਜਿਆਦਾ ਤੌਰ ਤੇ ਇਹ ਫੇਫੜਿਆਂ ਵਿੱਚ ਪਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਬੀਮਾਰੀ ਦੇ ਮੁੱਖ ਲੱਛਣ 3 ਹਫਤਿਆਂ ਤੋਂ ਵੱਧ ਪੁਰਾਣੀ ਖਾਂਸੀ, ਸਵੇਰੇ-ਸ਼ਾਮ ਬੁਖਾਰ ਹੋ ਜਾਣਾਂ, ਭੁੱਖ ਘੱਟ ਲੱਗਣਾਂ, ਖੰਘ ਨਾਲ ਬਲਗਮ ਅਤੇ ਖੂਨ ਆਉਣਾਂ ਆਦਿ ਹੈ। ਇਸ ਲਈ ਜੇਕਰ ਕੋਈ ਵੀ ਲੱਛਣ ਸਾਹਮਣੇ ਆਵੇ ਤਾਂ ਤੁਰੰਤ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਤੋਂ ਆਪਣਾਂ ਮੁਫਤ ਟੈਸਟ ਅਤੇ ਇਲਾਜ ਕਰਵਾਉਣਾਂ ਚਾਹੀਦਾ ਹੈ। ਇਸ ਤੋਂ ਇਲਾਵਾ ਬਹੁਤ ਸਾਰੀਆਂ ਸਾਵਧਾਨੀਆਂ ਜਿਵੇਂ ਖਾਂਸੀ ਜਾਂ ਛਿਕ ਕਰਨ ਸਮੇਂ ਮੂੰਹ ਤੇ ਰੁਮਾਲ ਰੱਖਣਾਂ, ਖੁੱਲੇ ਵਿਚ ਨਾਂ ਥੁੱਕਣਾਂ, ਪੌਸ਼ਟਿਕ ਭੋਜਨ ਖਾਣਾਂ, ਬੀੜੀ-ਸਿਗਰਟ ਦਾ ਪ੍ਰਹੇਜ ਕਰਨਾਂ, ਦਵਾਈ ਦਾ ਕੋਰਸ ਪੂਰਾ ਕਰਨਾਂ, ਆਲੇ-ਦੁਆਲੇ ਦੀ ਸਫਾਈ ਦਾ ਖਾਸ ਧਿਆਨ ਰੱਖਣਾਂ ਅਤੇ ਕਸਰਤ ਕਰਨਾਂ ਆਦਿ ਨਾਲ ਅਸੀਂ ਆਪਣੇ ਆਪ ਨੂੰ ਅਤੇ ਸਮਾਜ ਨੂੰ ਇਸ ਬੀਮਾਰੀ ਤੋਂ ਸੁੱਰਖਿਅਤ ਰੱਖ ਸਕਦੇ ਹਾਂ।

ਇਸ ਮੌਕੇ ਤੇ ਜਿਲਾ ਟੀ.ਬੀ. ਅਫਸਰ ਡਾ ਵਿਜੇ ਗੋਤਵਾਲ ਨੇ ਕਿਹਾ ਟੀ.ਬੀ. ਕਿ 100 ਦਿਨਾਂ ਟੀਬੀ ਕੰਪੇਨ ਵਿੱਚ ਜਿਲਾ ਅੰਮ੍ਰਿਤਸਰ ਨੇ ਵਧੀਆ ਕਾਰਗੁਜ਼ਾਰੀ ਪੇਸ਼ ਕੀਤੀ ਹੈ ਅਤੇ ਆਪਣੇ ਸਾਰੇ ਟਾਰਗੇਟ ਸਮੇ ਪੂਰੇ ਕੀਤੇ ਹਨ। ਇਸ ਅਵਸਰ ਤੇ ਆਜਾਦ ਭਗਤ ਸਿੰਘ ਫਾਂਓਡੇਸ਼ਨ ਵਲੋਂ ਇਕ ਨੱਕੜ ਨਾਟਕ ਰਾਹੀ ਟੀ.ਬੀ. ਬੀਮਾਰੀ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਤੇ ਐਚ.ਓ.ਡੀ. ਡਾ ਗੁਨੀਤ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਦਵਿੰਦਰ ਸਿੰਘ, ਦੀਪਕ ਸ਼ਰਮਾਂ, ਅੰਜੂ ਬਾਲਾ, ਬਲਜੀਤ ਸਿੰਘ, ਦੀਪਕ ਕੁਮਾਰ, ਕਪਿਲ ਗੁਲਾਟੀ, ਰਜੇਸ਼ ਕੁਮਾਰ, ਜਸਪਾਲ ਸਿੰਘ, ਹਰਪ੍ਰੀਤ ਕੌਰ ਅਤੇ ਸਮੂਹ ਸਟਾਫ ਹਾਜਰ ਸਨ।

# ਸ੍ਰੀ ਅਕਾਲ ਤਖ਼ਤ ਦਾ ਦਰਜਾ ਘਟਾਉਣ ਦੀਆਂ ਕਾਰਵਾਈਆਂ ਸਿੱਖ ਸੰਗਤ ਬਰਦਾਸ਼ਤ ਨਹੀਂ ਕਰੇਗੀ-ਸਿੰਘ ਸਾਹਿਬ ਭਾਈ ਰਣਜੀਤ ਸਿੰਘ



ਫਗਵਾੜਾ (ਸੁਸ਼ੀਲ ਸ਼ਰਮਾ) ਪਿੰਡ ਪਲਾਹੀ ਦੇ ਗੁਰਦੁਆਰਾ ਬਾਬਾ ਟੇਕ ਸਿੰਘ ਵਿਖੇ ਸਲਾਨਾ ਬਰਸੀ ਸਮਾਗਮ ਬਾਬਾ ਟੇਕ ਸਿੰਘ ਜੀ ਦੇ ਮੌਕੇ ਤੇ ਬੋਲਦਿਆਂ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਦਾ ਦਰਜਾ ਮਹਾਨ ਹੈ ਅਤੇ ਇਸ ਦੇ ਦਰਜੇ ਨੂੰ ਘਟਾਉਣ ਦੀਆਂ ਕਾਰਵਾਈਆਂ ਸਿੱਖ ਸੰਗਤ ਬਰਦਾਸ਼ਤ ਨਹੀਂ ਕਰੇਗੀ। ਉਹਨਾ ਸੰਗਤਾਂ ਨੂੰ ਅਪੀਲ ਕੀਤੀ ਕਿ ਇੱਕ ਪਰਿਵਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਪਣੇ ਹਿੱਤਾਂ ਲਈ ਵਰਤੇ ਜਾਣਾ ਅਸਹਿ ਹੈ। ਸਿੰਘ ਸਾਹਿਬ ਨੇ ਮਹਾਂਪੁਰਖਾਂ, ਗੁਰੂ ਘਰ ਦੇ ਸੇਵਕਾਂ ਵੱਲੋਂ ਆਪਣੇ ਜੀਵਨ ਕਾਲ ਚ ਕੀਤੀ ਕਮਾਈ ਦੀ ਧੰਨਤਾ ਬਾਰੇ ਆਪਣੇ ਵਿਚਾਰ ਰੱਖੇ ਅਤੇ ਕਿਹਾ ਕਿ ਆਪਣੇ ਪੁਰਖਿਆਂ ਦੇ ਜੀਵਨ, ਉਹਨਾ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਿਆ ਜਾਣਾ ਚਾਹੀਦਾ ਹੈ।

ਇਸ ਸਮੇਂ ਗੁਰਦੁਆਰਾ ਬਾਬਾ ਟੇਕ ਸਿੰਘ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬ ਭਾਈ ਰਣਜੀਤ ਸਿੰਘ, ਬਾਬਾ ਪਰਮੇਸ਼ਰ ਜੀ ਭੋਗਪੁਰ ਅਤੇ ਸੁਖਦੇਵ ਸਿੰਘ ਫਗਵਾੜਾ ਨੂੰ ਗੁਰੂ ਘਰ ਦੀ ਬਖ਼ਸ਼ੀਸ਼ ਸਿਰੋਪੇ ਭੇਂਟ ਕੀਤੇ ਗਏ।

ਵੱਡੀ ਗਿਣਤੀ ਚ ਹਾਜ਼ਰ ਸੰਗਤ ਵਿੱਚ ਢਾਡੀ ਸਵਰਨ ਸਿੰਘ ਮਹੇੜੂ,ਗੁਰਬਖਸ਼ ਸਿੰਘ,ਸਰਬਜੀਤ ਸਿੰਘ ਚਾਨਾ,ਅਮਰੀਕ ਸਿੰਘ ਮਹੇੜੂ,ਜਸਵਿੰਦਰ ਸਿੰਘ ਭੁੱਲਾਰਾਈ, ਰਣਜੀਤ ਸਿੰਘ ਮੈਨੇਜਰ,ਮੋਹਨ ਸਿੰਘ ਚੇਅਰਮੈਨ ,ਪਲਜਿੰਦਰ ਸਿੰਘ ਸੱਲ ਪ੍ਰਧਾਨ, ਗੁਰਨਾਮ ਸਿੰਘ ਮੀਤ ਪ੍ਰਧਾਨ,ਭਜਨ ਸਿੰਘ ਕੈਨੇਡਾ,ਸੁਖਵਿੰਦਰ ਸਿੰਘ ਸੱਲ ਖ਼ਜ਼ਾਨਚੀ,ਪਾਲਾ ਸੱਲ ,ਰਣਜੀਤ ਕੌਰ ਸਾਬਕਾ ਸਰਪੰਚ, ਦਰਬਾਰਾ ਸਿੰਘ ਸਾਬਕਾ ਸਰਪੰਚ,ਗੁਰਚਰਨ ਸਿੰਘ ਬਸਰਾ ਪੰਚ,ਮਦਨ ਲਾਲ ਸਾਬਕਾ ਪੰਚ,ਜਸਬੀਰ ਸਿੰਘ ਬਸਰਾ,ਬਲਜੀਤ ਸਿੰਘ ਸੱਲ,ਰਵੀਪਾਲ ਪ੍ਰਧਾਨ ਗੁਰਦੁਆਰਾ ਗੁਰੂ ਰਵਿਦਾਸ ਜੀ ਮਹਾਰਾਜ,ਸੁਰਜਨ ਸਿੰਘ ਨੰਬਰਦਾਰ,ਰਵਿੰਦਰ ਸਿੰਘ ਸੱਗੂ,ਹਰਮੇਲ ਸਿੰਘ ਗਿੱਲ, ਅਮਰੀਕ ਸਿੰਘ ਵਿਰਕ,ਗੁਰਬਖਸ਼ ਕੌਰ ਪੰਚ,ਬਲਵਿੰਦਰ ਕੌਰ ਪੰਚ ਆਦਿ ਹਾਜ਼ਰ ਸਨ।

ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਬਰਸੀ ਸਮਾਗਮ ਮੌਕੇ ਬਾਬਾ ਟੇਕ ਸਿੰਘ ਜੀ ਦੇ ਪਰਿਵਾਰ ਦੇ ਮੈਂਬਰਾਂ ਨੇ ਜੋ ਵਿਦੇਸ਼ ਵਿੱਚ,ਬਾਹਰਲੇ ਪਿੰਡਾਂ ਵਿੱਚ ਵੱਖੋ-ਵੱਖਰੇ ਸੂਬਿਆਂ ਚ ਵਸੇ ਹੋਏ ਹਨ ਨੇ ਭਰਪੂਰ ਹਾਜ਼ਰੀ ਲੁਆਈ।

# ਰਾਇਨਾ ਨੇ ਸਲੋਗਨ ਲੇਖਣ ਮੁਕਾਬਲੇ 'ਚ ਮਾਰੀ ਬਾਜ਼ੀ



ਬਠਿੰਡਾ (ਲੋਕ ਬਾਣੀ ):ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹੀਦੀ ਦਿਹਾੜੀ ਦੇ ਅਵਸਰ 'ਤੇ ਸ਼ਹੀਦ ਭਗਤ ਸਿੰਘ ਕਲੱਬ ਗ੍ਰੀਨ ਸਿਟੀ ਵੱਲੋਂ ਗੁਰੂਦੁਆਰਾ ਸਾਹਿਬ, ਗ੍ਰੀਨ ਸਿਟੀ ਫੇਜ਼-3 ਵਿਖੇ ਇੱਕ ਸਲੋਗਨ ਲੇਖਣ ਮੁਕਾਬਲਾ ਆਯੋਜਿਤ ਕੀਤਾ ਗਿਆ।

ਮੁਕਾਬਲੇ ਵਿੱਚ ਬੱਚਿਆਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਦੇਸ਼ਭਗਤੀ ਭਰੇ ਸਲੋਗਨ ਲਿਖੇ। ਮੁਕਾਬਲੇ ਵਿੱਚ ਰਾਇਨਾ ਵਰਮਾ ਨੇ ਦੂਸਰਾ ਸਥਾਨ ਹਾਸਲ ਕਰਕੇ ਬਾਜ਼ੀ ਮਾਰੀ, ਜਦਕਿ ਹੋਰ ਬੱਚਿਆਂ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ।

ਜੇਤੂ ਬੱਚਿਆਂ ਨੂੰ ਆਡੋਟੋਰੀਅਮ ਵਿੱਚ ਨਗਰ ਨਿਗਮ ਦੇ ਮੇਅਰ ਪਦਮਜੀਤ ਮਹਿਤਾ ਵੱਲੋਂ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਇਹ ਮੁਕਾਬਲੇ ਬੱਚਿਆਂ ਵਿੱਚ ਰਾਸ਼ਟਰੀ ਜਾਗਰੂਕਤਾ ਪੈਦਾ ਕਰਦੇ ਹਨ ਅਤੇ ਉਹਨਾਂ ਨੂੰ ਸ਼ਹੀਦਾਂ ਦੀ ਕੁਰਬਾਨੀ ਤੋਂ ਪ੍ਰੇਰਿਤ ਕਰਦੇ ਹਨ।

ਇਸ ਮੌਕੇ ਤੇ ਕਲੱਬ ਦੇ ਪ੍ਰਧਾਨ ਅਤੇ ਹੋਰ ਪ੍ਰਮੁੱਖ ਮੈਂਬਰ ਵੀ ਮੌਜੂਦ ਰਹੇ।

# ਪੰਜਾਬ ਵਿੱਚ ਵੈਟਨਰੀ ਇੰਸਪੈਕਟਰ ਦੀਆਂ 300 ਅਸਾਮੀਆਂ ਤੇ ਭਰਤੀ ਦੀ ਮੰਗ, ਯੂਨੀਅਨ ਨੇ ਕੈਬਨਿਟ ਮੰਤਰੀ ਨੂੰ ਦਿੱਤਾ ਮੰਗ ਪੱਤਰ



ਫਾਜ਼ਿਲਕਾ - ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵਿੱਚ ਵੈਟਨਰੀ ਇੰਸਪੈਕਟਰ ਦੀਆਂ ਲਗਭਗ 300 ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੀ ਮੰਗ ਨੂੰ ਲੈ ਕੇ ਬੇਰੋਜ਼ਗਾਰ ਵੈਟਨਰੀ ਇੰਸਪੈਕਟਰ ਯੂਨੀਅਨ ਨੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਮੰਗ ਪੱਤਰ ਸੌਂਪਿਆ। ਇਹ ਮੰਗ ਪੱਤਰ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਉਨ੍ਹਾਂ ਦੇ ਨਿੱਜੀ ਨਿਵਾਸ ਤੇ ਇਕੱਠ ਕਰਕੇ ਦਿੱਤਾ ਗਿਆ, ਜਿੱਥੇ ਵੈਟਨਰੀ ਇੰਸਪੈਕਟਰ ਯੂਨੀਅਨ ਦਾ ਵਫਦ ਹਾਜ਼ਰ ਰਿਹਾ। ਯੂਨੀਅਨ ਦੇ ਆਗੂਆਂ ਨੇ ਪਸ਼ੂ ਪਾਲਣ ਵਿਭਾਗ ਵਿੱਚ ਵੈਟਨਰੀ ਇੰਸਪੈਕਟਰ ਦੀ ਘਾਟ ਨੂੰ ਗੰਭੀਰ ਮੁੱਦਾ ਦੱਸਦੇ ਹੋਏ ਸਰਕਾਰ ਕੋਲੋਂ ਤੁਰੰਤ ਨਵੀਆਂ ਭਰਤੀਆਂ ਦੀ ਮੰਗ ਕੀਤੀ। ਯੂਨੀਅਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨੌਕਰੀਆਂ ਦੀ ਭਰਤੀ ਵਿੱਚ ਹੋ ਰਹੀ ਦੇਰੀ ਜਾਰੀ ਰਹੀ ਤਾਂ ਉਨ੍ਹਾਂ ਨੂੰ ਸੰਘਰਸ਼ ਤੇਜ਼ ਕਰਨਾ ਪਵੇਗਾ। ਵੈਟਨਰੀ ਇੰਸਪੈਕਟਰ ਯੂਨੀਅਨ ਨਾਲ ਗੱਲਬਾਤ ਦੌਰਾਨ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਯਕੀਨ ਦਿਵਾਇਆ ਕਿ ਨਵੀਆਂ ਭਰਤੀਆਂ ਜਲਦੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੇਰੋਜ਼ਗਾਰ ਯੁਵਕਾਂ ਦੀ ਚਿੰਤਾ ਕਰ ਰਹੀ ਹੈ ਅਤੇ ਸਰਕਾਰੀ ਵਿਭਾਗਾਂ

# 35ਵੇ ਮਹਾ ਪਵਿੱਤਰ ਗੁਰਮਿਤ ਸਮਾਗਮ ਤੇ ਮਨੁੱਖਤਾ ਦੇ ਭਲੇ ਲਈ ਨਿਸ਼ਕਾਮ ਖੂਨਦਾਨ ਕੈਂਪ ਲਾਇਆ

ਲੁਧਿਆਣਾ/ /(ਸੁਖਚੈਨ ਮਹਿਰਾ, ) ਜਗਤ ਗੁਰੂ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪਰਮ ਸੇਵਕ ਤੇ ਗੁਰੂ ਘਰ ਦੇ ਪਹਿਲੇ ਕੀਰਤਨੀਏ ਬਣਨ ਦਾ ਮਾਣ ਪ੍ਰਾਪਤ ਕਰਨ ਵਾਲੇ ਭਾਈ ਮਰਦਾਨਾ ਜੀ ਅਤੇ ਧੰਨ- ਧੰਨ ਬਾਬਾ ਨੰਦ ਸਿੰਘ ਜੀ ਤੇ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਆਯੋਜਿਤ ਕੀਤੇ ਗਏ 35 ਵੇ ਮਹਾਂ ਪਵਿੱਤਰ ਗੁਰਮਤਿ ਸਮਾਗਮ ਮੌਕੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਵੱਲੋ ਮਨੁੱਖਤਾ ਦੇ ਭਲੇ ਲਈ ਲਗਾਇਆ ਗਿਆ 792ਵਾ ਮਹਾਨ ਖ਼ੂਨਦਾਨ ਕੈਂਪ ਆਪਣੇ ਆਪ ਵਿੱਚ ਇੱਕ ਮਹਾਨ ਸੇਵਾ ਕਾਰਜ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਥ ਦੇ ਪ੍ਰਸਿੱਧ ਕੀਰਤਨੀਏ ਅਤੇ ਗੁਰਮਤਿ ਸਮਾਗਮ ਦੇ ਮੁੱਖ ਪ੍ਰਬੰਧਕ ਭਾਈ ਦਵਿੰਦਰ ਸਿੰਘ ਸੋਢੀ ਨੇ ਖ਼ੂਨਦਾਨ ਕੈਂਪ ਦੀ ਆਰੰਭਤਾ ਮੌਕੇ ਇਕੱਤਰ ਹੋਈਆਂ ਪ੍ਰਮੁੱਖ ਸ਼ਖਸ਼ੀਅਤਾਂ ਅਤੇ ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ।ਉਨ੍ਹਾਂ ਨੇ ਕਿਹਾ ਕਿ ਗੁਰਦੁਆਰਾ ਸ਼੍ਰੀ ਸੁਖਮਨੀ ਸਾਹਿਬ ਦੇ ਪ੍ਰਧਾਨ ਸ.ਅਰਵਿੰਦਰ ਸਿੰਘ ਸੰਧੂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮਹ ਮੈਬਰ ਸਾਹਿਬਾਨ ਦੇ ਪੂਰਨ ਸਹਿਯੋਗ ਨਾਲ ਗੁਰਦੁਆਰਾ ਸ਼੍ਰੀ ਸੁਖਮਨੀ ਸਾਹਿਬ ਫੇਸ 2 ਦੁੱਗਰੀ ਲੁਧਿਆਣਾ ਵਿਖੇ ਲਗਾਇਆ ਗਿਆ ਮਹਾਨ ਖ਼ੂਨਦਾਨ ਕੈਂਪ ਸਾਨੂੰ ਮਨੁੱਖਤਾ ਦੀ ਸੱਚੇ ਦਿਲੋਂ ਸੇਵਾ ਕਰਨ ਅਤੇ ਮਨੁੱਖੀ ਜਿੰਦਗੀਆਂ ਨੂੰ ਸੁਰੱਖਿਅਤ ਰੱਖਣ ਦਾ ਪ੍ਰੇਣਾਦਾਇਕਾ ਸ਼ੰਦੇਸ਼ ਦੇਦੇ ਹੈ।ਇਸ ਲਈ ਹਰ ਮਨੁੱਖ ਦਾ ਫਰਜ਼ ਬਣਦਾ ਹੈ ਕਿ ਉਹ ਸੇਵਾ ਕਾਰਜ ਦੇ ਇਸ ਮਹਾਨ ਯੱਗ ਵਿੱਚ ਆਪਣਾ ਬਣਦਾ ਯੋਗਦਾਨ ਪਾਵੇ।ਇਸ ਦੌਰਾਨ ਭਾਈ ਦਵਿੰਦਰ ਸਿੰਘ ਸੋਢੀ ਨੇ ਜੱਥੇਦਾਰ ਨਿਮਣਾ ਤੇ ਉਨ੍ਹਾਂ ਦੀ ਟੀਮ ਦੇ ਸਮੂਹ ਮੈਬਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗੁਰਮਤਿ ਸਮਾਗਮ ਮੌਕੇ ਸੰਗਤਾਂ ਨੂੰ ਖ਼ੂਨਦਾਨ ਦੇਣ ਪ੍ਰਤੀ ਜਾਗਰੂਕ ਕਰਨ ਦਾ ਜੋ ਕਾਰਜ ਕੀਤਾ ਅਤੇ ਲੋੜਵੰਦ ਮਰੀਜ਼ਾਂ ਦੀਆਂ ਜਿੰਦਗੀਆਂ ਬਚਾਉਣ ਲਈ ਬਲੱਡ ਇਕੱਤਰ ਕੀਤਾ।ਉਹ ਸਮੁੱਚੇ ਸਮਾਜ ਲਈ ਸੇਵਾ ਦੀ ਵੱਡੀ ਮਿਸਾਲ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ ਤੇ ਹਾਜ਼ਰ ਮਾਤਾ ਵਿਪਨਪ੍ਰੀਤ ਕੌਰ ਜੀ,ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਰਵਿੰਦਰ ਸਿੰਘ ਸੰਧੂ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਕੌਸਲਰ ਯੁਵਰਾਜ ਸਿੰਘ ਸਿੱਧੂ ਨੇ ਵੀ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਪੰਥ ਦੇ ਮਹਾਨ ਕੀਰਤਨੀਏ ਭਾਈ ਜਗਪ੍ਰੀਤ ਸਿੰਘ ਜਗਾ ਸਮੇਤ

ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਹੋਇਆ ਉਨ੍ਹਾਂ ਨੂੰ ਸਰਟੀਫ਼ਿਕੇਟ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਸੁਰਜੀਤ ਸਿੰਘ ਪ੍ਰਧਾਨ ਨਵੰਬਰ 84 ਦੰਗਾ ਪੀੜਤ ਵੈਲਫੇਅਰ ਸੁਸਾਇਟੀ, ਭੁਪਿੰਦਰ ਸਿੰਘ ਮੁੱਖ ਸੇਵਾਦਾਰ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਕੀਰਤਨ,ਅਮਰਜੀਤ ਸਿੰਘ ਭੱਟੀ,ਰੇਣੂ ਮੱਕੜ, ਬਲਦੇਵ ਸਿੰਘ ਸੰਧੂ, ਗੁਰਮੀਤ ਸਿੰਘ ਬੌਬੀ,ਲਾਇੰਜ ਅਸ਼ੀਸ਼ ਗੋਇਲੰ, ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ, ਅਤਰ ਸਿੰਘ ਮੱਕੜ,ਬੀ ਕੇ ਸਿੰਘ ਡੰਗ, ਹਰਮੀਤ ਸਿੰਘ ਡੰਗ,ਜੁਝਾਰ ਸਿੰਘ,ਪ੍ਰਕਾਸ਼ ਸਿੰਘ,ਸਰਬਜੀਤ ਸਿੰਘ ਸੋਹਲ,ਹਰਬੰਸ ਸਿੰਘ ਫੌਜੀ ਬਿਲਗਾ ਆਦਿ ਹਾਜ਼ਰ ਸਨ





# ਫੈਸਲਾ ਲੈਣ ਦੀ ਤਾਕਤ ਹਾਸਲ ਕਰਨ ਲਈ ਲੜਕੀਆਂ ਦਾ ਸਿਆਸਤ ਵਿੱਚ ਆਉਣਾ ਲਾਜ਼ਮੀ: ਮੁੱਖ ਮੰਤਰੀ

ਲੁਧਿਆਣਾ, 25 ਮਾਰਚ( ਸੁਖਚੈਨ ਮਹਿਰਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੜਕੀਆਂ ਨੂੰ ਅੱਗੇ ਆ ਕੇ ਰਾਜਨੀਤੀ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਤਾਂ ਜੋ ਉਹ ਫੈਸਲਾ ਲੈਣ ਵਾਲੇ ਨਿਜ਼ਾਮ ਵਿੱਚ ਸਰਗਰਮ ਭਾਈਵਾਲ ਬਣ ਕੇ ਸਮਾਜ ਵਿੱਚ ਜ਼ਰੂਰੀ ਅਤੇ ਲੋੜੀਂਦੇ ਬਦਲਾਅ ਲਿਆ ਸਕਣ।

ਇੱਥੇ ਸਰਕਾਰੀ ਕਾਲਜ ਲੜਕੀਆਂ ਦੇ ਸਾਲਾਨਾ ਕਨਵੋਕੇਸ਼ਨ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਕੁੜੀਆਂ ਹਰ ਖੇਤਰ ਵਿੱਚ ਮੁੰਡਿਆਂ ਨਾਲੋਂ ਅੱਗੇ ਹਨ ਪਰ ਰਾਜਨੀਤੀ ਦਾ ਖ਼ੇਤਰ ਅਜੇ ਵੀ ਇਸ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਇਸ ਖੇਤਰ ਨੂੰ ਹੁਣ ਤੱਕ ਮਰਦਾਂ ਦੀ ਜਗੀਰ ਮੰਨਿਆ ਜਾਂਦਾ ਰਿਹਾ ਹੈ ਪਰ ਹੁਣ ਸਮਾਂ ਆ ਗਿਆ ਹੈ, ਜਦੋਂ ਔਰਤਾਂ ਨੂੰ ਇਸ ਖੇਤਰ ਵਿੱਚ ਵੀ ਆਪਣੀ ਕਾਬਲੀਅਤ ਦਾ ਲੋਹਾ ਮੰਨਵਾਉਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਅਤੇ ਸਮਾਜ ਤੇ ਨਿਜ਼ਾਮ ਦੇ ਵਡੇਰੇ ਹਿੱਤ ’ਚਿ ਇਸ ਖੇਤਰ ਵਿੱਚ ਔਰਤਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਲੋਕਤੰਤਰ ਦੇ ਸਿਧਾਂਤਾਂ ਨੂੰ ਜ਼ਮੀਨੀ ਪੱਧਰ ▾ਤੇ ਮਜ਼ਬੂਤ ਕਰਨ ਦੇ ਨਾਲ-ਨਾਲ ਇਸ ਖੇਤਰ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਵਿੱਚ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਧਿਆਨ ਨਾਲ ਕਰਨੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਦੀ ਵੋਟ ਵਿਧਾਨ ਸਭਾ ਅਤੇ ਸੰਸਦ ਵਿੱਚ ਸਹੀ ਆਗੂਆਂ ਨੂੰ ਭੇਜ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਪੰਜਾਬ ਨੂੰ ਦੇਸ਼ ਦਾ ਮੋਹਰੀ, ਪ੍ਰਗਤੀਸ਼ੀਲ ਅਤੇ ਖ਼ੁਸ਼ਹਾਲ ਸੂਬਾ ਬਣਾਉਣ ਵਿੱਚ ਮਦਦ ਮਿਲੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਅੱਜ ਕੁੜੀਆਂ ਹਰੇਕ ਖ਼ੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਧਿਆਪਕ ਬਹੁਤ ਖੁਸ਼ ਹੁੰਦੇ ਹਨ, ਜਦੋਂ ਉਹ ਆਪਣੇ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਨਵੀਆਂ ਉਚਾਈਆਂ ਛੂੰਹਦੇ ਵੇਖਦੇ ਹਨ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਅਤੇ ਖ਼ੁਸ਼ਹਾਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਆਪਣੇ ਲਈ ਅਹਿਮ ਸਥਾਨ ਬਣਾਉਣਗੀਆਂ। ਉਨ੍ਹਾਂ ਕਿਹਾ ਕਿ ਇਹ ਲੜਕੀਆਂ ਖੁਸ਼ਕਿਸਮਤ ਹਨ ਕਿ ਉਨ੍ਹਾਂ ਕੋਲ ਸੁਮਨ ਲਤਾ ਵਰਗੀ ਗਤੀਸ਼ੀਲ ਪ੍ਰਿੰਸੀਪਲ ਹੈ, ਜੋ ਉਨ੍ਹਾਂ ਦੇ ਕਰੀਅਰ ਨੂੰ ਵਧੀਆ ਢੰਗ ਨਾਲ ਤਿਆਰ ਕਰ ਸਕਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਔਰਤਾਂ ਦੇ



ਸ਼ਕਤੀਕਰਨ ਲਈ ਠੋਸ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਅੱਠ ਮਹਿਲਾ ਅਧਿਕਾਰੀਆਂ ਨੂੰ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਹੈ ਅਤੇ ਛੇ ਨੂੰ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨਿਯੁਕਤ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ 18 ਮਹਿਲਾ ਅਧਿਕਾਰੀਆਂ ਨੂੰ ਏ.ਡੀ.ਸੀ. ਨਿਯੁਕਤ ਕੀਤਾ ਗਿਆ ਹੈ, ਜੋ ਕਿ ਕਿਸੇ ਵੀ ਸਰਕਾਰ ਦੁਆਰਾ ਇਨ੍ਹਾਂ ਵੱਕਾਰੀ ਅਹੁਦਿਆਂ ▾ਤੇ ਤਾਇਨਾਤ ਔਰਤਾਂ ਦੀ ਸਭ ਤੋਂ ਵੱਧ ਗਿਣਤੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਸੱਤਾ ਵਿੱਚ ਆਉਣ ਦੇ 36 ਮਹੀਨਿਆਂ ਵਿੱਚ ਨੌਜਵਾਨਾਂ ਨੂੰ ਰਿਕਾਰਡ 52,000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਸਾਰੀਆਂ ਨੌਕਰੀਆਂ ਬਿਨਾਂ ਕਿਸੇ ਭ੍ਰਿਸ਼ਟਾਚਾਰ ਜਾਂ ਭਾਈ-ਭਤੀਜਾਵਾਦ ਦੇ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ ▾ਤੇ ਦਿੱਤੀਆਂ ਗਈਆਂ ਹਨ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਨੌਜਵਾਨ ਇਨ੍ਹਾਂ ਸਬੰਧਤ ਵਿਭਾਗਾਂ ਵਿੱਚ ਸ਼ਾਮਲ ਹੋ ਕੇ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਦੁਨੀਆ ਅਜਿਹੀਆਂ ਮਿਸਾਲਾਂ ਨਾਲ ਭਰੀ ਪਈ ਹੈ, ਜਿੱਥੇ ਗਰੀਬ ਪਿਛੋਕੜ ਵਾਲਿਆਂ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਦੁਨੀਆ ਨੂੰ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਕੁੜੀਆਂ ਨੂੰ ਦੁਨੀਆ ਭਰ ਵਿੱਚ ਆਪਣੀ ਕਾਬਲੀਅਤ ਸਾਬਤ ਕਰਨ ਲਈ ਅਜਿਹੀਆਂ ਮਿਸਾਲਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਉਨ੍ਹਾਂ ਦੀ ਸਹਾਇਤਾ ਕਰੇਗੀ। ਇਕ ਮਿਸਾਲ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਗੁਲਦਸਤੇ ਵਿੱਚ ਕਈ ਤਰ੍ਹਾਂ ਦੇ ਫੁੱਲ ਹੁੰਦੇ ਹਨ ਅਤੇ ਇਹੀ ਵੰਨ-ਸੁਵੰਨਤਾ ਲੋਕਾਂ ਨੂੰ ਆਪਣੇ ਵੱਲ ਖਿੱਚਦੀ ਹੈ, ਜਿਸ ਕਾਰਨ ਉਹ ਇਸ ਨੂੰ ਦੇਖਣਾ ਪਸੰਦ ਕਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦਾ ਅੰਨਦਾਤਾ ਹੋਣ ਦੇ ਨਾਲ-ਨਾਲ ਪੰਜਾਬ ਨੂੰ ਦੇਸ਼ ਦੀ ਖੜਗ ਭੁਜਾ ਹੋਣ ਦਾ ਵੀ ਮਾਣ ਪ੍ਰਾਪਤ ਹੈ ਅਤੇ ਇਸ ਦੇ ਲੋਕ ਆਪਣੀ ਹਿੰਮਤ ਅਤੇ ਉੱਦਮ ਦੀ ਭਾਵਨਾ ਲਈ ਪੂਰੀ ਦੁਨੀਆ ਵਿੱਚ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਧਰਤੀ ਦੇ ਚੱਪੇ-ਚੱਪੇ ਨੂੰ ਮਹਾਨ ਗੁਰੂਆਂ, ਸੰਤਾਂ, ਪੀਰਾਂ ਅਤੇ ਸ਼ਹੀਦਾਂ ਦੀ ਛੋਹ ਪ੍ਰਾਪਤ ਹੈ, ਜਿਨ੍ਹਾਂ ਸਾਨੂੰ ਜ਼ੁਲਮ ਅਤੇ ਬੇਇਨਸਾਫ਼ੀ ਦਾ ਵਿਰੋਧ ਕਰਨ ਦਾ ਰਸਤਾ ਦਿਖਾਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੂੰ ਅਮੀਰ ਸੱਭਿਆਚਾਰ, ਵਿਰਾਸਤ ਵਿੱਚ ਮਿਲਿਆ ਹੈ ਅਤੇ ਪੰਜਾਬੀ ਆਪਣੀ ਨਿੱਘੀ ਮਹਿਮਾਨਨਿਵਾਜ਼ੀ ਲਈ ਦੁਨੀਆ ਭਰ ਵਿੱਚ ਜਾਣੇ ਜਾਂਦੇ ਹਨ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਸਾਧਾਰਨ ਪਰਿਵਾਰ ਵਿੱਚੋਂ ਹੋਣ ਅਤੇ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰਨ ਕਾਰਨ ਰਵਾਇਤੀ ਪਾਰਟੀਆਂ ਉਨ੍ਹਾਂ ਨਾਲ ਈਰਖਾ ਕਰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਇਹ ਆਗੂ ਸ਼ਾਸਨ ਉਤੇ ਆਪਣਾ ਇਲਾਹੀ ਅਧਿਕਾਰ ਸਮਝਦੇ ਸਨ, ਜਿਸ ਕਾਰਨ ਉਹ ਇਹ ਹਜ਼ਮ ਨਹੀਂ ਕਰ ਪਾ ਰਹੇ ਕਿ ਇਕ ਆਮ ਆਦਮੀ ਸੂਬੇ ਨੂੰ ਕੁਸ਼ਲਤਾ ਨਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਬੇ ਸਮੇਂ ਤੋਂ ਲੋਕਾਂ ਨੂੰ ਮੂਰਖ ਬਣਾਇਆ ਹੈ ਪਰ ਹੁਣ ਲੋਕ ਇਨ੍ਹਾਂ ਦੇ ਗੁਮਰਾਹਕੁਨ ਪ੍ਰਚਾਰ ਵਿੱਚ ਨਹੀਂ ਆਉਣਗੇ।

ਮੁੱਖ ਮੰਤਰੀ ਨੇ ਲੁਧਿਆਣਾ ਨਾਲ ਆਪਣੀ ਲੰਬੀ ਸਾਂਝ ਨੂੰ ਯਾਦ ਕੀਤਾ, ਜਦੋਂ 1990 ਦੇ ਦਹਾਕੇ ਦੇ ਸ਼ੁਰੂ ਵਿੱਚ ਉਹ ਕਲਾਕਾਰ ਵਜੋਂ ਸੰਘਰਸ਼ ਕਰ ਰਹੇ ਸਨ। ਉਨ੍ਹਾਂ ਲੜਕੀਆਂ ਨੂੰ ਜ਼ਿੰਦਗੀ ਵਿੱਚ ਅਸਫਲਤਾਵਾਂ ਕਾਰਨ ਕਦੇ ਵੀ ਹੌਸਲਾ ਨਾ ਹਾਰਨ ਅਤੇ ਨਿਰਾਸ਼ ਨਾ ਹੋਣ ਲਈ ਪ੍ਰੇਰਿਆ ਅਤੇ ਕਿਹਾ ਕਿ ਇਹੀ ਔਕੜਾਂ ਮਨੁੱਖ ਦੀ ਤਰੱਕੀ ਲਈ ਅਸਲ ਵਿੱਚ ਪੌੜੀ ਹੁੰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਨਿਮਰ ਰਹਿਣ ਅਤੇ ਸਖ਼ਤ ਮਿਹਨਤ ਅਤੇ ਸਮਰਪਣ ਭਾਵਨਾ ਨਾਲ ਜ਼ਿੰਦਗੀ ਵਿੱਚ ਸਫਲਤਾ ਲਈ ਸਖ਼ਤ ਮਿਹਨਤ ਕਰਨ ਦਾ ਸੱਦਾ ਦਿੱਤਾ।

# ਸਿਹਤ ਵਿਭਾਗ ਵੱਲੋਂ ਬਿਨਾਂ ਲਾਈਸੈਂਸ ਤੋਂ ਘਰਾਂ ਵਿੱਚ ਚੱਲ ਰਹੀਆਂ ਚਾਪਾ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਕੀਤਾ ਗਿਆ ਸੀਲ: ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਲੋਕ ਬਾਣੀ) – ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦਿਲਰਾਜ ਸਿੰਘ ਆਈਏਐਸ ਦੇ ਆਦੇਸ਼ਾਂ ਤਹਿਤ, ਡਿਪਟੀ ਕਮਿਸ਼ਨਰ ਸਾਕਸੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸਿਵਲ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵੱਲੋਂ ਇੱਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ, ਜਿਸ ਦੀ ਅਗਵਾਈ ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਵੱਲੋਂ ਕੀਤੀ ਗਈ। ਇਸ ਟੀਮ ਵਿੱਚ ਫੂਡ ਸੇਫਟੀ ਅਫਸਰ ਅਮਨਦੀਪ ਸਿੰਘ ਅਤੇ ਸਤਨਾਮ ਸਿੰਘ ਵੱਲੋਂ ਪੁਲਿਸ ਵਿਭਾਗ ਦੇ ਵਿਜੀਲੈਂਸ ਵਿੰਗ ਦੇ ਇੰਸਪੈਕਟਰ ਸ਼ਰਨਜੀਤ ਸਿੰਘ ਅਤੇ ਗੁਰਸੇਵਕ ਸਿੰਘ ਨਾਲ ਮਿਲ ਕੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਖਾਣ ਪੀਣ ਦੀਆਂ ਵਸਤੂਆਂ ਖਾਸ ਕਰਕੇ ਚਾਪਾ ਅਤੇ ਮੋਮੋਸ ਬਣਾਉਣ ਵਾਲੀਆਂ ਅਨਹਾਈਜੀਨਿਕ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ। ਇਸ ਟੀਮ ਵੱਲੋਂ ਰਾਮਬਾਗ ਵਿਖੇ ਇੱਕ ਹੋਲ ਸੇਲ ਦੀ ਦੁਕਾਨ ਤੇ ਛਾਪੇਮਾਰੀ ਕੀਤੀ ਗਈ ਜਿਸ ਦੌਰਾਨਚਾਪਾ ਅਤੇ ਮੋਮੋਜ ਦੇ ਸੈਂਪਲ ਭਰੇ ਗਏ। ਉਕਤ ਦੁਕਾਨਦਾਰ ਵੱਲੋਂ ਫੂਡ ਸੇਫਟੀ ਸਬੰਧੀ ਨਾ ਹੀ ਕੋਈ ਲਾਈਸੈਂਸ ਲਿਆ ਗਿਆ ਸੀ ਅਤੇ ਸਾਰੇ ਸਮਾਨ ਦਾ ਰੱਖ ਰਖਾਵ ਅਨਹਾਈਜੀਨਿਕ ਹੋਣ ਕਾਰਨ, ਉਸ ਦਾ ਚਲਾਨ ਕੱਟਿਆ ਗਿਆ ਅਤੇ ਸੈਂਪਲ ਸੀਲ ਕੀਤੇ ਗਏ। ਇਸ ਉਪਰੰਤ ਟੀਮ ਵੱਲੋਂ ਅਨਗੜ ਸਥਿਤ ਦੋ ਚਾਪਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਫੈਕਟਰੀ ਵਿੱਚ ਅਨਹਾਈਜੀਨਿਕ ਰੱਖ ਰਖਾਵ ਅਤੇ ਲਾਈਸੈਂਸ ਨਾ ਹੋਣ ਕਰਕੇ ਉਕਤ ਦੋਹਾਂ ਫੈਕਟਰੀਆਂ ਨੂੰ ਸੀਲ ਕੀਤਾ ਅਤੇ ਚਾਪਾ ਦੇ ਸੈਂਪਲ ਭਰੇ ਗਏ। ਇਸ ਰੇਡ ਦੌਰਾਨ ਕੁੱਲ ਪੰਜ ਸੈਂਪਲ ਭਰੇ ਗਏ ਹਨ ਅਤੇ ਇਹਨਾਂ ਸਾਰੇ ਸੈਂਪਲਾਂ ਨੂੰ ਸਟੇਟ ਲੈਬੋਰਟਰੀ ਖਰੜ ਵਿਖੇ ਟੈਸਟਿੰਗ ਲਈ

ਲੋਕ ਬਾਣੀ

# ਪੰਜਗਰਾਈਆ ਵਿਖੇ ਮਨਾਇਆ ਗਿਆ ਵਰਲਡ ਓਰਲ ਹੈਲਥ ਡੇਅ




ਮਾਲੇਰਕੋਟਲਾ –(ਕਿੰਮੀ ਅਰੋੜਾ,ਅਸਲਮ ਨਾਜ਼)
ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਮਲੇਰਕੋਟਲਾ ਡਾ.ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ.ਜੀ ਐੱਸ ਭਿੰਡਰ ਦੀ ਅਗਵਾਈ ਵਿੱਚ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਵਰਲਡ ਓਰਲ ਹੈਲਥ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਜੀ ਐੱਸ ਭਿੰਡਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਆਸ਼ਾ ਵਰਕਰਾਂ ਨੂੰ ਓਰਲ ਹੈਲਥ ਪ੍ਰਤੀ ਜਾਗਰੂਕ ਕੀਤਾ ਗਿਆ ਤਾਂ ਜੋ ਉਹ ਆਮ ਲੋਕਾਂ ਨੂੰ ਮੂੰਹ ਦੀ ਸਾਫ਼ ਸਫ਼ਾਈ ਅਤੇ ਸੰਭਾਲ਼ ਪ੍ਰਤੀ ਨੁਕਤੇ ਦੱਸ ਸਕਣ। ਇਸ ਮੌਕੇ ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਹਰ ਸਾਲ ਇਹ ਪ੍ਰੋਗਰਾਮ ਇੱਕ ਖਾਸ ਥੀਮ ਦੀ ਪਾਲਣਾ ਕਰਦਾ ਹੈ, ਜੋ ਮੂੰਹ ਦੀ ਸੰਭਾਲ ਦੇ ਵੱਖ-ਵੱਖ ਪਹਿਲੂਆਂ ਤੇ ਕੇਂਦ੍ਰਿਤ ਹੁੰਦਾ ਹੈ। 2025 ਦਾ ਥੀਮ, ਇੱਕ ਖੁਸ਼ ਮੂੰਹ ਹੈ... ਇੱਕ ਖੁਸ਼ ਮਨ ਹੈ ' ਮੂੰਹ ਦੀ ਸਿਹਤ ਅਤੇ ਮਾਨਸਿਕ ਤੰਦਰੁਸਤੀ ਵਿਚਕਾਰ ਸਬੰਧ ਨੂੰ ਉਜਾਗਰ ਕਰਦਾ ਹੈ। ਉਹਨਾਂ ਦੱਸਿਆ ਕਿ ਮਾੜੀ ਮੂੰਹ ਦੀ ਸਫਾਈ ਕਾਰਨ ਖੋੜ, ਮਸੂੜਿਆਂ ਦੀ ਬਿਮਾਰੀ ਅਤੇ ਦੰਦਾਂ ਦਾ ਨੁਕਸਾਨ ਵਰਗੀਆਂ ਸਥਿਤੀਆਂ ਹੋ ਸਕਦੀਆਂ ਹਨ, ਜੋ ਆਤਮਵਿਸ਼ਵਾਸ, ਸਮਾਜਿਕ ਪਰਸਪਰ ਪ੍ਰਭਾਵ ਅਤੇ ਸਮੁੱਚੀ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਲਾਜ ਨਾ ਕੀਤੇ ਗਏ ਦੰਦਾਂ ਦੀਆਂ ਸਮੱਸਿਆਵਾਂ ਤਣਾਅ, ਚਿੰਤਾ ਅਤੇ ਸਵੈ-ਚੇਤਨਾ ਵਿੱਚ ਵੀ ਯੋਗਦਾਨ ਪਾ ਸਕਦੀਆਂ ਹਨ, ਜਿਸ ਨਾਲ ਵਿਅਕਤੀ ਦੇ ਜੀਵਨ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜਰ ਚਰਨਜੀਤ ਕੌਰ, ਮਲਟੀ ਪਰਪਜ਼ ਹੈਲਥ ਵਰਕਰ ਗੁਰਮੀਤ ਕੌਰ ਅਤੇ ਸਮੂਹ ਆਸ਼ਾ ਵਰਕਰਾਂ ਹਾਜ਼ਿਰ ਰਹੀਆਂ।

# ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਨੂੰ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ-ਸੋਮ ਪ੍ਰਕਾਸ਼



ਲੁਧਿਆਣਾ/ ਫਗਵਾੜਾ ( ਸੁਸ਼ੀਲ ਸ਼ਰਮਾ) ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਭਾਰਤ ਸਰਕਾਰ ਵਲੋਂ ਪਿੰਡਾਂ ਵਿੱਚ ਕੱਚੇ ਮਕਾਨਾਂ ਵਿੱਚ ਰਹਿ ਰਹੇ ਲੋੜਵੰਦਾਂ ਪਰਿਵਾਰਾਂ ਨੂੰ ਪੱਕੇ ਮਕਾਨ ਬਣਵਾ ਕੇ ਦੇਣ ਦੀ ਇਸ ਯੋਜਨਾਂ ਦਾ ਸਵਾਗਤ ਕਰਦਿਆਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਵੱਲੋਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਉਨਾਂ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਲਾਭਪਾਤਰੀਆਂ ਨੂੰ ਨਵੇਂ ਘਰ ਬਨਾਉਣ ਲਈ 150,000/-ਦੇ ਲਗਭਗ ਰੁਪਏ ਤਿੰਨ ਕਿਸ਼ਤਾਂ ਵਿੱਚ ਰਾਸ਼ੀ ਜਾਰੀ ਜਾਰੀ ਕੀਤੀ ਜਾਵੇਗੀ। ਜਿਸ ਵਿੱਚ ਪਹਿਲੀ ਕਿਸ਼ਤ 25% (30,000/- ਰੁਪਏ) ਮਕਾਨ ਸੈਂਕਸ਼ਨ ਹੋਣ ਤੋਂ ਬਾਅਦ,ਦੂਜੀ ਕਿਸ਼ਤ 60% (72,000/- ਰੁ) ਦੀਵਾਰਾਂ ਦੇ ਲੈਂਟਰ ਲੇਵਲ ਤੇ ਪੁੱਜਣ ਤੇ ਅਤੇ ਤੀਸਰੀ ਕਿਸ਼ਤ 15% (18000/-ਰੁ) ਘਰ ਮੁਕੰਮਲ ਹੋਣ ਤੋਂ ਬਾਅਦ ਅਦਾ ਕੀਤੀ ਜਾਵੇਗੀ ਅਤੇ 30000/- ਰੁ. ਲੇਬਰ ਲਈ ਦਿੱਤੇ ਜਾਣਗੇ।ਇਹ ਰਾਸ਼ੀ ਸਿੱਧੀ ਲਾਭਪਾਤਰੀ ਦੇ ਖਾਤੇ ਵਿੱਚ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦੱਸਿਆ ਕਿ ਮਨਰੇਗਾ ਤੋਂ ਸ਼ੋਚਾਲਿਆ ਦਾ ਪ੍ਰਬੰਧ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਜਯੋਤੀ ਯੋਜਨਾ ਤੋਂ ਬਿਜਲੀ ਦਾ ਪ੍ਰਬੰਧ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ ਤੋਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਅਤੇ ਉਜਵਲਾ ਯੋਜਨਾ ਤੋ ਗੈਸ ਚੁੱਲੇ ਦਾ ਪ੍ਰਬੰਧ ਆਦ ਯੋਜਨਾਵਾਂ ਦਾ ਵੀ ਦੇਸ਼ਵਾਸੀ ਲਾਭ ਲੈ ਰਹੇ ਹਨ।

ਸੋਮ ਪ੍ਰਕਾਸ਼ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲੋੜਵੰਦ ਲਾਭਪਾਤਰੀਆਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ ਹੋਵੇਗਾ। ਉਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਸਮੇਂ-ਸਮੇਂ ਤੇ ਵੱਖ-ਵੱਖ ਸਕੀਮਾਂ ਰਾਹੀਂ ਜਨਤਾ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੀ ਹੈ।

ਲੋਕ ਬਾਣੀ

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565